SWITCH INSURANCE
AUTO, HOME & COMMERCIAL
Auto&Home Insurance
Commercial Vehicle Insurance
Commercial Property Insurance
Commercial General Liability (CGL)
Rental Property
Call:905-965-7474
7900 Hurontario St., Suite 308, Brampton, ON, L6Y 0P6
https://www.switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 22* Issue 06** | **Monday, January 09, 2023** | **Tel: 905-793-2202 | Fax: 905-793-2282 | news@punjabipost.ca** | *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*

## ਫਲਾਈਟ ਪੀਐਸ752 ਵਿਕਟਿਮਜ਼ ਲਈ ਇਨਸਾਫ ਲੈ ਕੇ ਹਟਾਂਗੇ : ਟਰੂਡੋ

ਟੋਰਾਂਟੋ, 8 ਜਨਵਰੀ (ਪੋਸਟ ਬਿਊਰੋ) : ਤਿੰਨ ਸਾਲ ਪਹਿਲਾਂ ਇਰਾਨੀ ਫੌਜ ਵੱਲੋਂ ਫੁੰਡੇ ਗਏ ਇੱਕ ਜਹਾਜ਼ ਵਿੱਚ ਮਾਰੇ ਗਏ ਪੈਸੈਂਜਰਜ਼ ਦੇ ਰਿਸ਼ਤੇਦਾਰਾਂ ਤੇ ਦੋਸਤਾਂ ਵੱਲੋਂ ਇੱਕ ਵਾਰੀ ਫਿਰ ਇਨਸਾਫ ਲਈ ਆਵਾਜ਼ ਉਠਾਈ ਗਈ ਹੈ। ਜ਼ਿਕਰਯੋਗ ਹੈ ਕਿ ਤਿੰਨ ਸਾਲ ਪਹਿਲਾਂ ਅੱਜ ਦੇ ਹੀ ਦਿਨ ਫਲਾਈਟ ਪੀਐਸ752 ਨੂੰ ਇਰਾਨੀ ਸੈਨਾ ਵੱਲੋਂ ਫੁੰਡ ਦਿੱਤਾ ਗਿਆ ਸੀ।



ਉੱਤਰੀ ਟੋਰਾਂਟੋ ਵਿੱਚ ਇਸ ਸਬੰਧ ਵਿੱਚ ਕਰਵਾਏ ਗਏ ਇੱਕ ਸਮਾਰੋਹ ਵਿੱਚ ਦ ਐਸੋਸਿਏਸ਼ਨ ਆਫ ਫੈਮਿਲੀਜ਼ ਆਫ ਫਲਾਈਟ ਪੀਐਸ752 ਵਿਕਟਿਮਜ਼ ਵੱਲੋਂ ਇਸ ਹਾਦਸੇ ਵਿੱਚ ਮਾਰੇ ਗਏ ਲੋਕਾਂ ਨੂੰ ਸ਼ਰਧਾਂਜਲੀ ਦਿੱਤੀ ਗਈ। ਇਸ ਦੌਰਾਨ ਇਰਾਨ ਵੱਲੋਂ ਮਨੁੱਖੀ ਅਧਿਕਾਰਾਂ ਦੀ ਉਲੰਘਣਾਂ ਦੀ ਸਖ਼ਤ ਲਫਜ਼ਾਂ ਵਿੱਚ ਨਿਖੇਧੀ ਵੀ ਕੀਤੀ ਗਈ।

ਇਸ ਮੌਕੇ ਹੋਰ ਉੱਘੀਆਂ ਹਸਤੀਆਂ ਸਮੇਤ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਵੀ ਇੱਕਠ ਨੂੰ ਸੰਬੋਧਨ ਕੀਤਾ। ਉਨ੍ਹਾਂ ਦੁਖੀ ਪਰਿਵਾਰਾਂ ਨੂੰ ਦਿਲਾਸਾ ਦਿੰਦਿਆਂ ਆਖਿਆ ਕਿ ਜਿਨ੍ਹਾਂ ਨੇ ਇਸ ਘਟਨਾ ਨੂੰ ਅੰਜਾਮ ਦਿੱਤਾ ਹੈ ਉਨ੍ਹਾਂ ਦੀ ਜਵਾਬਦੇਹੀ ਤੈਅ ਕੀਤੀ ਜਾਵੇਗੀ। ਇਹ ਘਟਨਾ ਇਰਾਨੀ ਹਕੂਮਤ ਦੀ ਮਨੁੱਖੀ ਜ਼ਿੰਦਗੀਆਂ ਦੀ ਅਣਦੇਖੀ ਕਰਨ ਦੀ ਨੀਤੀ ਕਾਰਨ ਹੀ ਵਾਪਰੀ। ਪਰਿਵਾਰਾਂ ਵੱਲੋਂ ਇਸ ਦੌਰਾਨ ਵੈਨਕੂਵਰ ਤੋਂ ਟੋਰਾਂਟੋ ਤੇ ਸੇਂਟ ਜੋਨਜ਼, ਨਿਊਫਾਊਂਡਲੈਂਡ ਐਂਡ ਲੈਬਰਾਡੋਰ ਤੱਕ 12 ਰੈਲੀਆਂ ਕੱਢੀਆਂ ਗਈਆਂ।

ਜ਼ਿਕਰਯੋਗ ਹੈ ਕਿ ਇਸ ਹਾਦਸੇ ਵਿੱਚ 176 ਲੋਕ ਮਾਰੇ ਗਏ ਸਨ ਜਿਨ੍ਹਾਂ ਵਿੱਚੋਂ 55 ਕੈਨੇਡੀਅਨ ਨਾਗਰਿਕ ਤੇ 30 ਪਰਮਾਨੈਂਟ ਰੈਜ਼ੀਡੈਂਟਸ ਸਨ। ਜਨਵਰੀ 2020 ਵਿੱਚ ਯੂਕਰੇਨ ਇੰਟਰਨੈਸ਼ਨਲ ਏਅਰਲਾਈਨਜ਼ ਦੇ ਇਸ ਜੈੱਟਲਾਈਨਰ ਨੇ ਵਾਇਆ ਯੂਕਰੇਨ, ਕੈਨੇਡਾ ਲਈ ਤਹਿਰਾਨ ਤੋਂ ਅਜੇ ਉਡਾਨ ਹੀ ਭਰੀ ਸੀ ਕਿ ਇਸ ਨੂੰ ਫੁੰਡ ਦਿੱਤਾ ਗਿਆ ਸੀ।

## ਟਰੂਡੋ ਨੇ ਨੀਤੀਗਤ ਤਰਕਸ਼ੀਲਤਾ ਦੀ ਥਾਂ ਸਿਆਸੀ ਅੰਕਾਂ ਨੂੰ ਦਿੱਤੀ ਤਰਜੀਹ : ਮੌਰਨਿਊ

ਓਟਵਾ, 8 ਜਨਵਰੀ (ਪੋਸਟ ਬਿਊਰੋ) : ਸਾਬਕਾ ਫੈਡਰਲ ਵਿੱਤ ਮੰਤਰੀ ਬਿੱਲ ਮੌਰਨਿਊ ਨੇ 17 ਜਨਵਰੀ ਨੂੰ ਰਲੀਜ਼ ਹੋਣ ਜਾ ਰਹੀ ਆਪਣੀ ਨਵੀਂ ਕਿਤਾਬ ਵਿੱਚ ਖੁਲਾਸਾ ਕੀਤਾ ਹੈ ਕਿ ਕੋਵਿਡ-19 ਮਹਾਂਮਾਰੀ ਦੀ ਏਡ ਪਾਲਿਸੀ ਜਾਰੀ ਕਰਨ ਸਮੇਂ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਤੇ ਉਨ੍ਹਾਂ ਦੇ ਉੱਘੇ ਸਲਾਹਕਾਰਾਂ ਨੇ ਨੀਤੀਗਤ ਤਰਕਸ਼ੀਲਤਾ ਦੀ ਥਾਂ ਸਿਆਸੀ ਅੰਕ ਹਾਸਲ ਕਰਨ ਨੂੰ ਤਰਜੀਹ ਦਿੱਤੀ। ਮੌਰਨਿਊ ਨੇ ਆਖਿਆ ਕਿ ਇਸ ਨਾਲ ਉਨ੍ਹਾਂ ਨੂੰ ਰਬੜ ਸਟੈਂਪ ਵਰਗਾ ਮਹਿਸੂਸ ਹੋਇਆ ਤੇ ਇਸੇ ਲਈ ਉਨ੍ਹਾਂ ਆਪਣੇ ਅਹੁਦੇ ਤੋਂ ਅਸਤੀਫਾ ਦੇਣ ਦਾ ਫੈਸਲਾ ਕੀਤਾ।



ਇੱਕ ਇੰਟਰਵਿਊ ਵਿੱਚ ਮੌਰਨਿਊ ਨੇ ਆਖਿਆ ਕਿ ਹਾਲਾਤ ਉਨ੍ਹਾਂ ਦੇ ਕਾਬੂ ਤੋਂ ਬਾਹਰ ਹੋ ਗਏ ਸਨ ਤੇ ਇਸੇ ਲਈ ਉਨ੍ਹਾਂ ਵਿੱਤ ਮੰਤਰੀ ਤੇ ਟੋਰਾਂਟੋ ਸੈਂਟਰ ਦੇ ਐਮਪੀ ਵਜੋਂ ਅਸਤੀਫਾ ਦੇਣ ਵਿੱਚ ਹੀ ਭਲਾਈ ਸਮਝੀ। ਆਪਣੀ ਕਿਤਾਬ "ਵ੍ਹੇਅਰ ਟੂ ਫਰੌਮ ਹੇਅਰ : ਅ ਪਾਥ ਟੂ ਕੈਨੇਡੀਅਨ ਪ੍ਰੌਸਪੈਰਿਟੀ" ਵਿੱਚ ਮੌਰਨਿਊ ਨੇ ਆਖਿਆ ਕਿ ਪ੍ਰਧਾਨ ਮੰਤਰੀ ਵੱਲੋਂ ਉਨ੍ਹਾਂ ਨੂੰ ਭਰੋਸਾ ਦਿਵਾਇਆ ਗਿਆ ਸੀ ਕਿ ਉਨ੍ਹਾਂ ਨੂੰ ਉਸ ਉੱਤੇ ਪੂਰਾ ਯਕੀਨ ਹੈ। ਪਰ ਮੌਰਨਿਊ ਨੇ ਆਖਿਆ ਕਿ ਸੂਤਰਾਂ ਤੋਂ ਮਿਲੀਆਂ ਖਬਰਾਂ ਤੋਂ ਉਨ੍ਹਾਂ ਨੂੰ ਇਹ ਸਪਸ਼ਟ ਹੋ ਗਿਆ ਸੀ ਕਿ ਕੋਵਿਡ-19 ਸਬੰਧੀ ਆਰਥਿਕ ਮਦਦ ਲਈ ਸ਼ੁਰੂ ਕੀਤੇ ਗਏ ਪ੍ਰੋਗਰਾਮ ਨੂੰ ਲੈ ਕੇ ਉਨ੍ਹਾਂ ਤੇ ਟਰੂਡੋ ਦਰਮਿਆਨ ਪਾੜਾ ਵੱਧ ਚੁੱਕਿਆ ਸੀ। ਅਸਤੀਫਾ ਦੇਣ ਵਾਲਾ ਕਦਮ ਮੌਰਨਿਊ ਵੱਲੋਂ ਫੈਡਰਲ ਸਰਕਾਰ ਦੇ ਕੋਵਿਡ-19 ਬਾਰੇ ਮਦਦ ਜਾਰੀ ਕਰਨ ਤੇ ਵੁਈ ਚੈਰਿਟੀ ਵਿਵਾਦ ਸਾਹਮਣੇ ਆਉਣ ਦੇ ਛੇ ਮਹੀਨਿਆਂ ਦੇ ਅੰਦਰ ਅੰਦਰ ਵਾਪਰਿਆ। ਇਸ ਪ੍ਰੋਗਰਾਮ ਬਾਰੇ ਮੌਰਨਿਊ ਦਾ ਮੰਨਣਾ ਹੈ ਕਿ ਲਿਬਰਲ ਸਰਕਾਰ ਨੇ ਜ਼ਿਆਦਾ ਖਰਚਾ ਕੀਤਾ।

ਇੰਟਰਵਿਊ ਵਿੱਚ ਮੌਰਨਿਊ ਨੇ ਦੱਸਿਆ ਕਿ ਜਿੰਨਾਂ ਚਿਰ ਉਹ ਆਪਣੇ ਅਹੁਦੇ ਉੱਤੇ ਰਹੇ ਓਨਾ ਚਿਰ ਉਨ੍ਹਾਂ ਵਿੱਚ ਤੇ ਪ੍ਰਧਾਨ ਮੰਤਰੀ ਦਰਮਿਆਨ ਸਿਹਤਮੰਦ ਤਣਾਅ ਬਰਕਰਾਰ ਰਿਹਾ। ਇਹ ਅਜਿਹਾ ਤਣਾਅ ਸੀ ਜਿਹੜਾ ਵਿੱਤ ਮੰਤਰੀ ਤੇ ਪ੍ਰਧਾਨ ਮੰਤਰੀ ਦਰਮਿਆਨ ਹੋਣਾ ਚਾਹੀਦਾ ਹੈ। ਪਰ ਜਿਵੇਂ ਹੀ ਮਹਾਂਮਾਰੀ ਵਾਲੇ ਪਰੈਸ਼ਰ ਕੁਕਰ ਵਿੱਚ ਉਹ ਦੋਵੇਂ ਦਾਖਲ ਹੋਏ ਇਹ ਤਣਾਅ ਬਹੁਤ ਵਧ ਗਿਆ ਤੇ ਇਸ ਨੇ ਹੋਰ ਕੋਝਾ ਰੂਪ ਲੈ ਲਿਆ।

## ਨੌਰਥਵੈਸਟ ਟੋਰਾਂਟੋ ਵਿੱਚ ਦੋਹਰੀ ਛੁਰੇਬਾਜ਼ੀ ਦੀ ਘਟਨਾ ਦੀ ਜਾਂਚ ਕਰ ਰਹੀ ਹੈ ਪੁਲਿਸ

ਟੋਰਾਂਟੋ, 8 ਜਨਵਰੀ (ਪੋਸਟ ਬਿਊਰੋ) : ਐਤਵਾਰ ਸਵੇਰੇ ਨੌਰਥਵੈਸਟ ਟੋਰਾਂਟੋ ਵਿੱਚ ਛੁਰੇਬਾਜ਼ੀ ਦੀ ਵਾਪਰੀ ਦੋਹਰੀ ਘਟਨਾ ਵਿੱਚ ਦੋ ਮਹਿਲਾਵਾਂ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਈਆਂ ਤੇ ਉਨ੍ਹਾਂ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ।



ਇਹ ਘਟਨਾ ਇਸਲਿੰਗਟਨ ਤੇ ਫਿੰਚ ਐਵਨਿਊਂ ਨੇੜੇ ਇੱਕ ਰਿਹਾਇਸ਼ੀ ਬਿਲਡਿੰਗ ਵਿੱਚ ਸਵੇਰੇ 8:30 ਵਜੇ ਤੋਂ ਠੀਕ ਪਹਿਲਾਂ ਵਾਪਰੀ। ਇੱਕ ਟਵੀਟ ਵਿੱਚ ਟੋਰਾਂਟੋ ਪੁਲਿਸ ਨੇ ਦੱਸਿਆ ਕਿ ਇੱਕ ਮਹਿਲਾ ਦੇ ਹੱਥ ਉੱਤੇ ਚਾਕੂ ਨਾਲ ਕੀਤੇ ਗਏ ਵਾਰ ਕਾਰਨ ਉਹ ਬੁਰੀ ਤਰ੍ਹਾਂ ਜ਼ਖ਼ਮੀ ਸੀ ਤੇ ਉਸ ਨੂੰ ਪੈਰਾਮੈਡਿਕਸ ਵੱਲੋਂ ਲੋਕਲ ਹਸਪਤਾਲ ਲਿਜਾਇਆ ਗਿਆ। ਪੈਰਾਮੈਡਿਕਸ ਨੇ ਦੱਸਿਆ ਕਿ ਉਸ ਮਹਿਲਾ ਦੇ ਜ਼ਖ਼ਮ ਬਹੁਤੇ ਗੰਭੀਰ ਨਹੀਂ ਸਨ।

ਪੁਲਿਸ ਨੇ ਦੱਸਿਆ ਕਿ ਸਵੇਰੇ 10:21 ਉੱਤੇ ਛੁਰੇਬਾਜ਼ੀ ਕਾਰਨ ਜ਼ਖ਼ਮੀ ਹੋਈ ਇੱਕ ਹੋਰ ਮਹਿਲਾ ਨੂੰ ਹਸਪਤਾਲ ਲਿਜਾਇਆ ਗਿਆ। ਪੁਲਿਸ ਨੇ ਇਹ ਵੀ ਦੱਸਿਆ ਕਿ ਉਹ ਮਹਿਲਾ ਵੀ ਪਹਿਲਾਂ ਵਾਲੀ ਘਟਨਾ ਵਿੱਚ ਹੀ ਜ਼ਖ਼ਮੀ ਹੋਈ ਸੀ ਪਰ ਉਸ ਦੀ ਸਥਿਤੀ ਬਾਰੇ ਕੋਈ ਸਪਸ਼ਟ ਜਾਣਕਾਰੀ ਜਾਰੀ ਨਹੀਂ ਕੀਤੀ ਗਈ।

## ਗੋ ਬੱਸ ਉੱਤੇ ਸ਼ੱਕੀ ਪੈਕੇਜ ਮਿਲਣ ਤੋਂ ਬਾਅਦ ਇੱਕ ਵਿਅਕਤੀ ਹਿਰਾਸਤ ਵਿੱਚ

ਹਾਲਟਨ, 8 ਜਨਵਰੀ (ਪੋਸਟ ਬਿਊਰੋ) : ਮਿਲਟਨ ਵਿੱਚ ਕਾਰਪੂਲ ਵਿਖੇ ਇੱਕ ਸ਼ੱਕੀ ਪੈਕੇਜ ਪਾਏ ਜਾਣ ਤੋਂ ਬਾਅਦ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਤੇ ਬੰਬ ਨਕਾਰਾ ਕਰਨ ਵਾਲੀ ਸਕੁਐਡ ਨੂੰ ਵੀ ਸੱਦਿਆ ਗਿਆ। ਹਾਲਟਨ ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਸ਼ੱਕੀ ਗਤੀਵਿਧੀ ਦੀ ਰਿਪੋਰਟ ਦੇ ਕੇ ਤੇ ਗੋ ਬੱਸ ਉੱਤੇ ਇੱਕ ਪੈਕੇਜ ਮਿਲਣ ਤੋਂ ਬਾਅਦ ਐਤਵਾਰ ਸ਼ਾਮੀਂ 6:30 ਵਜੇ ਹਾਈਵੇਅ 401 ਤੇ ਹਾਈਵੇਅ 25 ਉੱਤੇ ਗੋ ਟਰਾਂਜ਼ਿਟ ਕਾਰਪੂਲ ਲੌਟ ਉੱਤੇ ਸੱਦਿਆ ਗਿਆ। ਬਾਅਦ ਵਿੱਚ ਪੁਲਿਸ ਨੇ ਦੱਸਿਆ



ਕਿ ਇੱਕ ਵਿਅਕਤੀ ਨੂੰ ਇਸ ਸਬੰਧ ਵਿੱਚ ਹਿਰਾਸਤ ਵਿੱਚ ਲੈ ਲਿਆ ਗਿਆ ਹੈ ਤੇ ਬੱਸ ਉੱਤੇ ਸਵਾਰ ਸਾਰੇ ਲੋਕਾਂ ਨੂੰ ਵੀ ਸਹੀ ਸਲਾਮਤ ਬੱਸ ਵਿੱਚੋਂ ਬਾਹਰ ਕੱਢ ਲਿਆ ਗਿਆ। ਪੁਲਿਸ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਲਈ ਹਾਲਟਨ ਐਕਸਪਲੋਸਿਵ ਡਿਸਪੋਜ਼ਲ ਯੂਨਿਟ (ਈਡੀਯੂ) ਨੂੰ ਵੀ ਮੌਕੇ ਉੱਤੇ ਸੱਦਿਆ ਗਿਆ ਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਪਰ ਉਨ੍ਹਾਂ ਹੋਰ ਵੇਰਵੇ ਜਾਰੀ ਨਹੀਂ ਕੀਤੇ।

NOW HIRING !!!
ALLKIND INSURANCE
Life Insurance
Critical illness Ins
Travel & Visitor Ins
RESP & TFSA & RRSP
Super Visa Insurance
Mortgage Insurance
Disability Insurance
Funeral Insurance
SIMRAN SAINI
416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty
Off: 905.230.3100

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axel InsuranceBrokers Ltd.
1332 Khalsa Dr, Unit # 11, Mississauga, ON L5S 0A2

INSURANCE
Home
Auto
Business
Trucking
Life Insurance
Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5N 1T1

HOME APPLIANCES STORE
ANNIVERSARY SPECIAL DEAL
UPGRADE LAUNDRY IN JUST $99*
PRICE $5199* NO TAX
KitchenAid moffat MAYTAG LG SAMSUNG Electrolux JENNAIR BOSCH Whirlpool
416-551-5553
WWW.OURRHOMEAPPLIANCES.COM

HELPING YOU PLAN TODAY...FOR TOMORROW
Supervisa / Visitor Insurance
Life / Mortgage/Funeral Insurance
Disability Insurance
Critical Illness Insurance
RESP / RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
KSG Pest Control Inc.
Amarjeet Singh Gill
Certified & Licensed Exterminator

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
www.MakeMeDebtFree.ca
Late Evening and Weekends Appointments Available
1888 864 3131
Jasbir Singh Hundal
Qualified Credit Counsellor
416-502-3100
Unit #20 - 7015 Tranmere Drive Mississauga, ON L5S 1T7

KELLEY LAW OFFICE
Immigration
Family Law
Corporate
Real Estate
Business Closing
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

Royal Pest Control
Residential Commercial Industrial
Specialist in Bedbugs Service
All Pest Control :
Mouse & Rats
Cockroaches
Spiders & Fleas
Carpenter Ants
Bedbugs
Silver Fish
Wasps
Racoons
Call : PARESH PATEL
416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc.
Brokerage Lic.12538
Harpreet Singh Goraya
Principal Broker
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law
Wills & Estates
Power of Attorney
Affidavits Notarization / Declaration
Business Law
Family Law
Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਮੁੱਖ ਮੰਤਰੀ ਨੇ ਆਪਣੇ ਜੱਦੀ ਪਿੰਡ ਸਤੌਜ ਵਿਖੇ ਪਰਿਵਾਰਕ ਮੈਂਬਰਾਂ ਅਤੇ ਸਾਕ-ਸਨੇਹੀਆਂ ਨਾਲ ਮਨਾਇਆ ਲੋਹੜੀ ਦਾ ਤਿਉਹਾਰ

## ਪਿੰਡ ਵਾਸੀਆਂ ਨਾਲ ਤਿਉਹਾਰ ਮਨਾਉਂਦਿਆਂ ਤਾਜ਼ਾ ਕੀਤੀਆਂ ਬਚਪਨ ਦੀਆਂ ਯਾਦਾਂ



ਸਤੌਜ (ਸੰਗਰੂਰ), 8 ਜਨਵਰੀ (ਗਿਆਨ ਸਿੰਘ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਸੰਗਰੂਰ ਜ਼ਿਲ੍ਹੇ ਵਿਚ ਆਪਣੇ ਜੱਦੀ ਪਿੰਡ ਸਤੌਜ ਵਿਖੇ ਪਹੁੰਚ ਆਪਣੇ ਸਾਕ-ਸਨੇਹੀਆਂ, ਪਰਿਵਾਰਕ ਮੈਂਬਰਾਂ ਅਤੇ ਪਿੰਡ ਵਾਸੀਆਂ ਨਾਲ ਲੋਹੜੀ ਦਾ ਤਿਉਹਾਰ ਮਨਾਇਆ।

ਮੁੱਖ ਮੰਤਰੀ ਅੱਜ ਸਵੇਰੇ ਆਪਣੇ ਪਿੰਡ ਪਹੁੰਚੇ ਅਤੇ ਪਿੰਡ ਵਿੱਚ ਲੋਹੜੀ ਬਾਲ ਕੇ ਪਿੰਡ ਵਾਸੀਆਂ ਨਾਲ ਰਲ-ਮਿਲ ਕੇ ਤਿਉਹਾਰ ਮਨਾਇਆ। ਇਸ ਦੌਰਾਨ ਲੋਕਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਲੋਹੜੀ ਸੂਬੇ ਦਾ ਰਵਾਇਤੀ ਤਿਉਹਾਰ ਹੈ, ਜਿਸ ਕਰਕੇ ਉਨ੍ਹਾਂ ਨੇ ਆਪਣੇ ਜੱਦੀ ਪਿੰਡ ਜਾ ਕੇ ਇਸ ਤਿਉਹਾਰ ਦੀਆਂ ਖ਼ੁਸ਼ੀਆਂ ਆਪਣੇ ਸਾਕ-ਸਨੇਹੀਆਂ ਨਾਲ ਸਾਂਝੀਆਂ ਕਰਨ ਦਾ ਫੈਸਲਾ ਕੀਤਾ। ਭਗਵੰਤ ਮਾਨ ਨੇ ਚੇਤੇ ਕਰਦਿਆਂ ਕਿਹਾ ਕਿ ਇਸ ਪਵਿੱਤਰ ਤਿਉਹਾਰ ਸਬੰਧੀ ਪਿੰਡ ਨਾਲ ਉਨ੍ਹਾਂ ਦੀਆਂ ਬਚਪਨ ਤੋਂ ਹੀ ਖ਼ੂਬਸੂਰਤ ਯਾਦਾਂ ਜੁੜੀਆਂ ਹੋਈਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਲੋਹੜੀ ਦਾ ਤਿਉਹਾਰ ਸੂਬਾ ਭਰ ਵਿੱਚ ਪੂਰੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਉਨ੍ਹਾਂ ਨੇ ਸਤੌਜ ਵਾਸੀਆਂ ਨਾਲ ਭਾਵੁਕ ਹੁੰਦਿਆਂ ਕਿਹਾ ਕਿ ਸਾਰੇ ਪਿੰਡ ਵਾਸੀ ਉਨ੍ਹਾਂ ਦੇ ਦਿਲ ਦੇ ਬਹੁਤ ਨੇੜੇ ਸਨ, ਜਿਸ ਕਾਰਨ ਉਹ ਉਨ੍ਹਾਂ ਨਾਲ ਹਰ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕਰਨਾ ਪਸੰਦ ਕਰਦੇ ਹਨ। ਭਗਵੰਤ ਮਾਨ ਨੇ ਕਿਹਾ ਕਿ ਅਜਿਹੇ ਮੌਕਿਆਂ 'ਤੇ ਪਿੰਡ ਵਾਸੀਆਂ ਨਾਲ ਜੁੜ ਕੇ ਉਨ੍ਹਾਂ ਨੂੰ ਬਹੁਤ ਮਾਣ ਅਤੇ ਤਸੱਲੀ ਮਿਲਦੀ ਹੈ, ਜਿਸ ਕਾਰਨ ਉਹ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡਦੇ।



ਮੁੱਖ ਮੰਤਰੀ ਨੇ ਉਮੀਦ ਜ਼ਾਹਰ ਕੀਤੀ ਕਿ ਨਵਾਂ ਸਾਲ ਅਤੇ ਲੋਹੜੀ ਦਾ ਤਿਉਹਾਰ ਸੂਬੇ ਦੇ ਹਰੇਕ ਵਾਸੀ ਖਾਸ ਕਰਕੇ ਪਿੰਡਾਂ ਦੇ ਲੋਕਾਂ ਦੇ ਜੀਵਨ ਵਿੱਚ ਖੁਸ਼ੀਆਂ-ਖੇੜੇ ਲੈ ਕੇ ਆਵੇ। ਉਨ੍ਹਾਂ ਕਿਹਾ ਕਿ ਤਿਉਹਾਰ ਸਾਡੇ ਸਾਰਿਆਂ ਲਈ ਬਹੁਤ ਮਹੱਤਵ ਰੱਖਦਾ ਹੈ ਕਿਉਂਕਿ ਇਹ ਸਮਾਜ ਵਿੱਚ ਭਾਈਚਾਰਕ ਸਾਂਝ, ਸ਼ਾਂਤੀ ਅਤੇ ਸਦਭਾਵਨਾ ਦੀਆਂ ਤੰਦਾਂ ਨੂੰ ਹੋਰ ਮਜ਼ਬੂਤ ਕਰਦਾ ਹੈ। ਸੂਬੇ ਵਿੱਚ ਅਮਨ-ਸ਼ਾਂਤੀ, ਸਦਭਾਵਨਾ, ਤਰੱਕੀ ਅਤੇ ਇੱਥੋਂ ਦੇ ਲੋਕਾਂ ਦੀ ਖੁਸ਼ਹਾਲੀ ਲਈ ਅਰਦਾਸ ਕਰਦਿਆਂ ਭਗਵੰਤ ਮਾਨ ਨੇ ਕਿਹਾ ਕਿ ਸੂਬਾ ਹਰ ਖੇਤਰ ਵਿੱਚ ਸਰਬਪੱਖੀ ਵਿਕਾਸ ਤੇ ਤਰੱਕੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਕਰਨ ਦੀ ਦਹਿਲੀਜ਼ 'ਤੇ ਹੈ, ਜਿਸ ਲਈ ਸੂਬਾ ਸਰਕਾਰ ਨੇ ਪਹਿਲਾਂ ਹੀ ਪੁਖਤਾ ਯੋਜਨਾਬੰਦੀ ਕਰ ਲਈ ਹੈ।

# ਪੰਜਾਬ ਸਰਕਾਰ ਸੂਬੇ ਦੇ ਪਿੰਡਾਂ ਦੀ ਦਸ਼ਾ ਸੁਧਾਰਨ ਲਈ ਲਗਾਤਾਰ ਯਤਨਸ਼ੀਲ : ਕੁਲਦੀਪ ਧਾਲੀਵਾਲ

ਚੰਡੀਗੜ੍ਹ, 8 ਜਨਵਰੀ (ਗਿਆਨ ਸਿੰਘ ) ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਪਿੰਡਾਂ ਦੀ ਦਸ਼ਾ ਸੁਧਾਰਨ ਲਈ ਲਗਾਤਾਰ ਯਤਨਸ਼ੀਲ ਹੈ। ਇਸੇ ਦਿਸ਼ਾ 'ਚ ਕੰਮ ਕਰਦਿਆਂ 'ਮਿਸ਼ਨ ਸਾਂਝਾ ਜਲ ਤਲਾਬ' ਅਧੀਨ ਸੂਬੇ ਦੇ ਪਿੰਡਾਂ ਵਿਚਲੇ ਛੱਪੜਾਂ ਦੇ ਨਵੀਨੀਕਰਨ ਦਾ ਕੰਮ ਜੰਗੀ ਪੱਧਰ 'ਤੇ ਜਾਰੀ ਹੈ।

ਪੰਜਾਬ ਦੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਭਾਗ ਵੱਲੋਂ ਇਸ ਵਿੱਤੀ ਸਾਲ ਦੌਰਾਨ ਜਿੱਥੇ ਸੀਚੇਵਾਲ ਮਾਡਲ ਅਤੇ ਥਾਪਰ ਮਾਡਲ ਰਾਹੀਂ 883 ਛੱਪੜਾਂ ਦਾ ਨਵੀਨੀਕਰਨ ਕੀਤਾ ਜਾ ਚੁੱਕਾ ਹੈ, ਉੱਥੇ ਹੀ ਮਗਨਰੇਗਾ ਸਕੀਮ ਤਹਿਤ 'ਮਿਸ਼ਨ ਸਾਂਝਾ ਜਲ ਤਲਾਬ' ਅਧੀਨ ਪੁਰਾਣੇ ਜਲ ਤਾਲਾਬਾਂ ਦਾ ਨਵੀਨੀਕਰਨ ਵੀ ਜੰਗੀ ਪੱਧਰ ਤੇ ਕੀਤਾ ਜਾ ਰਿਹਾ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਮਿਸ਼ਨ ਸਾਂਝਾ ਜਲ ਤਾਲਾਬ ਅਧੀਨ ਵਿਭਾਗ ਵੱਲੋਂ ਸੂਬੇ ਅੰਦਰ ਕੁੱਲ 1862 ਤਾਲਾਬਾਂ ਦੀ ਪਛਾਣ ਕੀਤੀ ਗਈ ਹੈ, ਜਿਸ ਵਿੱਚੋਂ 1026 ਸਥਾਨਾਂ 'ਤੇ ਕੰਮ ਸ਼ੁਰੂ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ 504 ਛੱਪੜਾਂ ਦੇ ਨਵੀਨੀਕਰਨ ਦੇ ਕੰਮ ਮੁਕੰਮਲ ਹੋ ਚੁੱਕੇ ਹਨ, ਜਦਕਿ 522 ਥਾਵਾਂ 'ਤੇ ਕੰਮ ਪ੍ਰਗਤੀ ਅਧੀਨ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਾਰਜਾਂ ਦੀ ਪ੍ਰਗਤੀ ਵਾਚਣ ਲਈ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਸੰਯੁਕਤ ਵਿਕਾਸ ਕਮਿਸ਼ਨਰ ਵੱਲੋਂ ਹਰ ਹਫਤੇ ਸਮੂਹ ਜਿਲਿਆਂ ਦੇ ਏ.ਡੀ.ਸੀ(ਵਿ) ਨਾਲ ਵੀ.ਸੀ. ਕੀਤੀ ਜਾਂਦੀ ਹੈ ਅਤੇ ਹਰ ਮਹੀਨੇ ਮਿਸ਼ਨ ਸਾਂਝਾ ਜਲ ਤਲਾਬ ਮੁਹਿੰਮ ਦੀ ਪ੍ਰਗਤੀ ਦਾ ਰੀਵਿਊ ਵਧੀਕ ਮੁੱਖ ਸੱਕਤਰ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵੱਲੋਂ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਤੇਜੀ ਨਾਲ ਤਲਾਬਾਂ ਦੇ ਨਵੀਨੀਕਰਨ ਦਾ ਕੰਮ ਨੇਪਰੇ ਚਾੜਿਆ ਜਾ ਰਿਹਾ ਹੈ ਅਤੇ ਇਸ ਪ੍ਰਾਜੈਕਟ ਦੀ ਪ੍ਰਗਤੀ ਸਬੰਧੀ ਸਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਹਨ।

ਧਾਲੀਵਾਲ ਨੇ ਦੱਸਿਆ ਕਿ ਹੁਣ ਵਿਭਾਗ ਵੱਲੋਂ ਮਿਸ਼ਨ ਸਾਂਝਾ ਜਲ ਤਾਲਾਬ ਅਧੀਨ ਹਰ ਜ਼ਿਲ੍ਹੇ ਵਿੱਚ 150 ਛੱਪੜਾਂ ਦੇ ਨਵੀਨੀਕਰਨ ਦਾ ਟੀਚਾ ਮਿੱਥਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਖੇਤਰੀ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਇਸ ਪ੍ਰਾਜੈਕਟ ਤਹਿਤ ਵੱਡੇ ਛੱਪੜਾਂ, ਜਿਨ੍ਹਾਂ ਦਾ ਖੇਤਰਫਲ ਘੱਟੋ-ਘੱਟ ਇੱਕ ਏਕੜ ਹੋਵੇ ਅਤੇ ਜਿਨ੍ਹਾਂ ਦੀ ਸਮਰੱਥਾ 10,000 ਘਣ ਮੀਟਰ ਪਾਣੀ ਰੱਖਣ ਦੀ ਸੱਮਰਥਾ ਹੋਵੇ, ਅਜਿਹੇ ਛੱਪੜ ਹੀ ਇਸ ਪ੍ਰਾਜੈਕਟ ਤਹਿਤ ਲਏ ਜਾਣ। ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋ ਜਿੱਥੇ ਇਸ ਕੰਮ ਦੀ ਪ੍ਰਗਤੀ ਨੂੰ ਵਾਚਣ ਲਈ ਜੀ.ਓ ਮਗਨਰੇਗਾ, ਐਨ.ਐਮ.ਐਮ. ਐਸ ਅਤੇ ਏਰੀਆ ਅਫ਼ਸਰ ਮੋਬਾਇਲ ਐਪ ਦੀ ਵਰਤੋਂ ਕੀਤੀ ਜਾ ਰਹੀ ਹੈ, ਉੱਥੇ ਹੀ ਚੱਲ ਰਹੇ ਕੰਮਾਂ ਵਿੱਚ ਪਾਰਦਰਸ਼ਤਾ ਲਿਆਉਣ ਲਈ ਹਰ ਪ੍ਰਾਜੈਕਟ ਦੀ ਜੀ.ਓ ਟੈਗਿੰਗ ਕਰਨੀ ਵੀ ਲਾਜ਼ਮੀ ਕੀਤੀ ਗਈ ਹੈ।

ਧਾਲੀਵਾਲ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਦਾ ਟੀਚਾ ਸੂਬੇ ਨੂੰ ਹਰਿਆ-ਭਰਿਆ, ਖੁਸ਼ਹਾਲ ਅਤੇ ਰੰਗਲਾ ਪੰਜਾਬ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ ਇਸ ਉਦੇਸ਼ ਤਹਿਤ ਪੇਂਡੂ ਵਿਕਾਸ ਅਤੇ ਪੰਚਾਇਤਾਂ ਵਿਭਾਗ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਮਗਨਰੇਗਾ ਸਕੀਮ ਦੇ ਅੰਤਰਗਤ ਪੰਜਾਬ ਦੇ ਪਿੰਡਾਂ ਅੰਦਰ ਹੋਰ ਵਿਕਾਸ ਦੇ ਕਾਰਜਾਂ ਦੇ ਨਾਲ-ਨਾਲ ਪਾਣੀ ਦੀ ਸਾਭ ਸੰਭਾਲ ਉੱਤੇ ਵੀ ਜ਼ੋਰ ਦਿੱਤਾ ਜਾ ਰਿਹਾ ਹੈ।

## ਅੱਜ ਨਾਮਾ

ਜੋਸ਼ੀ ਮੱਠ ਵਿੱਚ ਪਾਟ ਰਹੀ ਧਰਤ ਕਹਿੰਦੇ,
ਲੱਗ ਪਏ ਢਹਿਣ ਹਨ ਕੁੱਲ ਮਕਾਨ ਮੀਆਂ।
ਲੱਗੇ ਪਾਟਣ ਹਨ ਓਧਰ ਸਭ ਰਾਹ-ਰਸਤੇ,
ਹਰ ਇੱਕ ਬੰਦੇ ਦਾ ਉਧਰ ਧਿਆਨ ਮੀਆਂ।
ਧੱਸਦੀ ਜਾ ਰਹੀ ਜ਼ਮੀਨ ਤੇ ਫਰਸ਼ ਪਾਟਣ,
ਦਿੱਸਦੇ ਰੁਕਣ ਦੇ ਨਹੀਂ ਇਮਕਾਨ ਮੀਆਂ।
ਬਣਦਾ ਚਾਤਰ ਹੈ ਬੜਾ ਇਨਸਾਨ ਬੇਸ਼ੱਕ,
ਕੁਦਰਤ ਉਹਦੇ ਤੋਂ ਵੱਧ ਬਲਵਾਨ ਮੀਆਂ।
ਉੱਪਰੋਂ ਕਹਿਣ ਲਈ ਸਾਰੇ ਹਨ ਕਹੀ ਜਾਂਦੇ,
ਆਉਂਦੀ ਸਮਝ ਦੇ ਵਿੱਚ ਨਹੀਂ ਗੱਲ ਮੀਆਂ।
ਕੀਤੀਆਂ ਗਲਤੀਆਂ ਰਿਹਾ ਈ ਭੁਗਤ ਬੰਦਾ,
ਆਉਂਦਾ ਅਜੇ ਨਹੀਂ ਅਕਲ ਦੇ ਵੱਲ ਮੀਆਂ।

ਤੀਸ ਮਾਰ ਖਾਂ

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd. #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਜਿੱਧਰ ਵੇਖੋ, ਮੁੱਦਿਆਂ ਦੇ ਢੇਰ, ਹੱਲ ਕਿਸੇ ਦਾ ਨਿਕਲਦਾ ਨਜ਼ਰ ਨਹੀਂ ਪੈ ਰਿਹਾ

ਜਤਿੰਦਰ ਪਨੂੰ ਦੀ ਕਲਮ ਤੋਂ



ਦੁਨੀਆ ਹੋਵੇ, ਭਾਰਤ ਜਾਂ ਫਿਰ ਸਾਡਾ ਪੰਜਾਬ, ਹਰ ਵਾਰੀ ਸਾਡੇ ਲੋਕ ਕਿਸੇ ਭਲੇ ਦੀ ਆਸ ਕਰਦੇ ਹਨ, ਪਰ ਸਮਾਂ ਹਰ ਵਾਰੀ ਇਹ ਦੱਸਣ ਨੂੰ ਕਾਹਲਾ ਦਿਖਾਈ ਦੇਂਦਾ ਹੈ ਕਿ ਜਿਨ੍ਹਾਂ ਸਮੱਸਿਆਵਾਂ ਦਾ ਅਜੇ ਤੱਕ ਕੋਈ ਹੱਲ ਨਹੀਂ ਮਿਲਿਆ, ਉਨ੍ਹਾਂ ਦਾ ਹੱਲ ਲੱਭਣ ਦੀ ਹਾਲੇ ਵੀ ਬਹੁਤੀ ਆਸ ਨਾ ਰੱਖਿਉ। ਇਸ ਵਾਰ ਨਵਾਂ ਸਾਲ ਚੜ੍ਹਦੇ ਸਾਰ ਲੋਕੀਂ ਇਹ ਵੇਖ ਅਤੇ ਸੁਣ ਰਹੇ ਹਨ ਕਿ ਸਮੱਸਿਆਵਾਂ ਦੀ ਹਰ ਪਾਸੇ ਝੜੀ ਲੱਗੀ ਹੋਈ ਹੈ, ਪਰ ਹੱਲ ਕਿਸੇ ਪਾਸੇ ਨਹੀਂ ਦਿੱਸਦਾ।

ਪਹਿਲਾਂ ਅਸੀਂ ਸੰਸਾਰ ਦੀ ਹਾਲਤ ਵੇਖ ਲਈਏ ਤਾਂ ਜਿਹੜੀ ਜੰਗ ਯੂਕਰੇਨ ਖਿਲਾਫ ਰੂਸ ਨੇ ਪਿਛਲੇ ਵੀਹ ਫਰਵਰੀ ਦੇ ਦਿਨ ਛੇੜੀ ਸੀ, ਸਾਢੇ ਦਸ ਮਹੀਨੇ ਲੰਘਣ ਦੇ ਬਾਅਦ ਵੀ ਉਹ ਓਸੇ ਤਰ੍ਹਾਂ ਚੱਲੀ ਜਾਂਦੀ ਹੈ। ਯੂਕਰੇਨ ਦੀ ਸਰਕਾਰ ਕਦੇ ਵੀ ਆਪਣੇ ਸਿਰ ਏਡੀ ਲੰਮੀ ਜੰਗ ਨਹੀਂ ਸੀ ਲੜ ਸਕਦੀ, ਪਿੱਛੋਂ ਅਮਰੀਕੀ ਧੜੇ ਦੇ ਦੇਸ਼ਾਂ ਤੋਂ ਮਿਲਦੇ ਗੋਲਾ-ਬਾਰੂਦ ਜਾਂ ਅੰਨ-ਦਾਣੇ ਅਤੇ ਫੰਡਾਂ ਨਾਲ ਉਹ ਰੂਸ ਅੱਗੇ ਡਟਿਆ ਖੜਾ ਹੈ ਤੇ ਰੂਸ ਆਪਣੀ ਧੌਂਸ ਮਨਾਉਣ ਲਈ ਆਖਰੀ ਹੱਦ ਛੂਹਣ ਲਈ ਸਿਰ-ਪਰਨੇ ਜਾਪਦਾ ਹੈ। ਅਫਗਾਨਿਸਤਾਨ ਵਿੱਚ ਆਪਣੀ ਫੌਜ ਦਾ ਮੋਟਾ ਨੁਕਸਾਨ ਕਰਵਾਉਣ ਪਿੱਛੋਂ ਅਮਰੀਕਾ ਦੇ ਹਾਕਮ ਕੰਨੀਖਿਸਕਾ ਗਏ ਸਨ ਤੇ ਉਨ੍ਹਾਂ ਦੀ ਥਾਂ ਪਾਕਿਸਤਾਨ ਕਸੂਤਾ ਫਸ ਗਿਆ ਹੈ। ਤਹਿਰੀਕੇ ਤਾਲਿਬਾਨ ਪਾਕਿਸਤਾਨ ਦੇ ਨਾਂਅ ਉੱਤੇ ਤਾਲਿਬਾਨ ਦੀ ਇੱਕ ਸ਼ਾਖਬੀਤੇ ਕਈ ਸਾਲਾਂ ਤੋਂ ਪਾਕਿਸਤਾਨ ਵਿਰੁੱਧ ਹਮਲਾਵਰੀ ਕਰਦੀ ਆਈ ਹੈ ਅਤੇ ਅੱਜਕੱਲ੍ਹ ਹਮਲੇ ਹੋਰ ਤਿੱਖੇ ਕਰ ਦਿੱਤੇ ਹਨ। ਪਾਕਿਸਤਾਨ ਨੇ ਤਾਲਿਬਾਨ ਨੂੰ ਕਿਹਾ ਕਿ ਇਹ ਤੁਹਾਡੇ ਆਪਣੇ ਬੰਦੇ ਹਨ, ਸਾਡੇ ਉੱਤੇ ਹਮਲੇ ਕਰਨ ਤੋਂ ਰੋਕੋ, ਪਰ ਜਦੋਂ ਇਹ ਗੱਲ ਨਾ ਮੰਨੀ ਗਈ ਤਾਂ ਪਾਕਿਸਤਾਨ ਨੇ ਤਾਲਿਬਾਨ ਨੂੰ ਇਹ ਧਮਕੀ ਦੇ ਦਿੱਤੀ ਕਿ ਜੇ ਉਨ੍ਹਾਂ ਵਿਰੁੱਧ ਤੁਸੀਂ ਕਾਰਵਾਈ ਨਾ ਕੀਤੀ ਤਾਂ ਅਸੀਂ ਅਫਗਾਨਿਸਤਾਨ ਅੰਦਰ ਆ ਕੇ ਉਨ੍ਹਾਂ ਉੱਤੇ ਹਮਲੇ ਕਰਨ ਲਈ ਮਜਬੂਰ ਹੋਵਾਂਗੇ। ਅੱਗੋਂ ਤਾਲਿਬਾਨ ਨੇ ਪਾਕਿਸਤਾਨ ਨੂੰ ਬੰਗਲਾ ਦੇਸ਼ ਬਣਨ ਵੇਲੇ ਭਾਰਤੀ ਫੌਜ ਦੇ ਜਰਨੈਲ ਜਗਜੀਤ ਸਿੰਘ ਅਰੋੜਾ ਸਾਹਮਣੇ ਹਥਿਆਰ ਸੁੱਟਣ ਦੇ ਕਾਗਜ਼ਾਂ ਉੱਤੇ ਦਸਖਤ ਕਰਦੇ ਪਾਕਿਸਤਾਨ ਦੇ ਜਰਨੈਲ ਏ ਏ ਕੇ ਨਿਆਜ਼ੀ ਦੀ ਫੋਟੋ ਵਿਖਾ ਕੇ ਕਹਿ ਦਿੱਤਾ ਕਿ ਪਾਕਿਸਤਾਨੀ ਫੌਜ ਨੇ ਅਫਗਾਨਿਸਤਾਨ ਉੱਤੇ ਹਮਲਾ ਕੀਤਾ ਤਾਂ ਇਹੀ ਕੁਝ ਇੱਕ ਵਾਰ ਫਿਰ ਤੁਹਾਡੇ ਨਾਲ ਹੋਊਗਾ। ਉਨ੍ਹਾਂ ਨੇ ਉਸ ਪਾਕਿਸਤਾਨ ਨੂੰ ਸ਼ੀਸ਼ਾ ਵਿਖਾਉਣ ਦੀ ਜੁਰਅੱਤ ਕੀਤੀ ਹੈ, ਜਿਹੜਾ ਪਿਛਲੇ ਤੀਹਾਂ ਸਾਲਾਂ ਤੋਂ ਉਨ੍ਹਾਂ ਨੂੰ ਪੈਦਾ ਕਰਨ ਤੋਂ ਲੈ ਕੇ ਔਖੇ ਵਕਤ ਅਮਰੀਕਾ ਤੋਂ ਲੁਕਾਉਣ ਅਤੇ ਉਨ੍ਹਾਂ ਦੇ ਦੇਸ਼ ਉੱਤੇ ਫਿਰ ਉਨ੍ਹਾਂ ਦਾ ਕਬਜ਼ਾ ਕਰਵਾਉਣ ਤੱਕ ਹਰ ਕਿਸਮ ਦੀ ਮਦਦ ਲਗਾਤਾਰ ਕਰਦਾ ਰਿਹਾ ਸੀ।

ਭਾਰਤ ਵਿਚਲੇ ਵੱਡੇ ਮਸਲਿਆਂ ਦੀ ਲੜੀ ਛੋਹਣੀ ਬੇਲੋੜੀ ਹੈ, ਚੋਣਵੇਂ ਮੁੱਦੇ ਛੋਹਣੇ ਹੋਣ ਤਾਂ ਕੇਂਦਰ ਸਰਕਾਰ ਚਲਾ ਰਹੀ ਸਿਆਸੀ ਧਿਰ ਦੀ ਦੋਵੀਂ ਥਾਂਈਂ ਆਪਣੀ ਸਰਕਾਰ ਦੇ ਬਾਵਜੂਦ ਮਹਾਰਾਸ਼ਟਰ ਤੇ ਕਰਨਾਟਕ ਵਿੱਚ ਇਲਾਕਿਆਂ ਦਾ ਰੌਲਾ ਲਗਾਤਾਰ ਵਧੀ ਜਾਂਦਾ ਹੈ। ਪਹਿਲਾਂ ਕਰਨਾਟਕਾ ਨੇ ਕਿਹਾ ਸੀ ਕਿ ਉਸ ਦੇ ਢਾਈ ਸੌ ਪਿੰਡ ਬੀਤੇ ਸਾਢੇ ਛੇ ਦਹਾਕਿਆਂ ਤੋਂ ਮਹਾਰਾਸ਼ਟਰ ਨਾਜਾਇਜ਼ ਦੱਬੀ ਬੈਠਾ ਹੈ, ਉਹ ਉਸ ਤੋਂ ਛੁਡਾਉਣੇ ਹਨ। ਫਿਰ ਮਹਾਰਾਸ਼ਟਰ ਵਿੱਚ ਭਾਜਪਾ ਅਤੇ ਸ਼ਿਵ ਸੈਨਾ ਨਾਲੋਂ ਟੁੱਟੇ ਹੋਏ ਧੜੇ ਦੀ ਸਾਂਝੀ ਸਰਕਾਰ ਨੇ ਕਹਿ ਦਿੱਤਾ ਕਿ ਉਹ ਪਿੰਡ ਅਸੀਂ ਨਹੀਂ ਛੱਡਣੇ, ਉਨ੍ਹਾਂ ਨੂੰ ਮੰਗਣ ਦੀ ਬਜਾਏ ਕਰਨਾਟਕਾ ਸਾਢੇ ਅੱਠ ਸੌ ਤੋਂ ਵੱਧ ਸਾਡੇ ਪਿੰਡ ਛੱਡੇ, ਨਹੀਂ ਤਾਂ ਅਸੀਂ ਛੁਡਾ ਲਵਾਂਗੇ। ਇਸ ਰੌਲੇ ਮਗਰੋਂ ਦੋ ਸੌ ਤੋਂ ਵੱਧ ਪਿੰਡਾਂ ਨੇ ਮਤਾ ਪਾਸ ਕਰ ਦਿੱਤਾ ਕਿ ਉਹ ਮਹਾਰਾਸ਼ਟਰ ਨਾਲ ਨਹੀਂ ਰਹਿਣਾ ਚਾਹੁੰਦੇ, ਮੱਧ ਪ੍ਰਦੇਸ਼ ਦੇ ਨਾਲ ਜੁੜਨਾ ਚਾਹੁੰਦੇ ਹਨ। ਝਗੜੇ ਵਿੱਚ ਖਿੱਚੇ ਗਏ ਇਸ ਤੀਸਰੇ ਰਾਜ ਮੱਧ ਪ੍ਰਦੇਸ਼ ਦੀ ਸਰਕਾਰ ਵੀ ਭਾਜਪਾ ਦੀ ਹੈ ਅਤੇ ਤਿੰਨਾਂ ਥਾਂਵਾਂ ਦੀਆਂ ਭਾਜਪਾ ਦੀਆਂ ਆਪਣੀਆਂ ਸਰਕਾਰਾਂ ਆਪੋ ਵਿੱਚ ਲੜਨ ਨੂੰ ਤਿਆਰ ਹੋਈ ਜਾਂਦੀਆਂ ਹਨ। ਜੇ ਇਹ ਖੇਡ ਕੁਝ ਅੱਗੇ ਵਧ ਗਈ ਤਾਂ ਪੰਜਾਬ ਤੇ ਹਰਿਆਣੇ ਸਮੇਤ ਹੋਰ ਵੀ ਕਈ ਰਾਜਾਂ ਵਿੱਚ ਇਹੋ ਜਿਹੇ ਝਗੜੇ ਭਖ ਪੈਣਗੇ।

ਪੰਜਾਬ ਅਤੇ ਹਰਿਆਣਾ ਵਿਚਾਲੇ ਪਾਣੀਆਂ ਦਾ ਮੁੱਦਾ ਕਿਸੇ ਪਾਸੇ ਨਹੀਂ ਲੱਗ ਰਿਹਾ ਤੇ ਬੀਤੇ ਹਫਤੇ ਇਸ ਮੁੱਦੇ ਦੇ ਹੱਲ ਲਈ ਕੇਂਦਰ ਦੇ ਪਾਣੀ ਵਸੀਲਿਆਂ ਬਾਰੇ ਮੰਤਰੀ ਦੀ ਮੀਟਿੰਗ ਵਿੱਚੋਂ ਵੀ ਕੋਈ ਕਿਰਨ ਨਜ਼ਰ ਨਹੀਂ ਆਈ। ਉਸ ਦਿਨ ਹਰਿਆਣੇ ਦਾ ਮੁੱਖ ਮੰਤਰੀ ਸੁਪਰੀਮ ਕੋਰਟ ਦੇ ਉਹ ਫੈਸਲੇ ਲਾਗੂ ਕਰਨ ਉੱਤੇ ਜ਼ੋਰ ਲਾਈ ਗਿਆ ਸੀ, ਜਿਨ੍ਹਾਂ ਵਿੱਚ ਹਰ ਵਾਰੀ ਪੰਜਾਬ ਨੂੰ ਸੱਟਵੱਜਦੀ ਰਹੀ ਸੀ ਤੇ ਪੰਜਾਬ ਦੇ ਮੁੱਖ ਮੰਤਰੀ ਨੇ ਉਨ੍ਹਾਂ ਫੈਸਲਿਆਂ ਨੂੰ ਗਲਤ ਧਾਰਨਾਵਾਂ ਨਾਲ ਕੀਤੇ ਹੋਏ ਦੱਸ ਕੇ ਮੁੱਢੋਂ-ਸੁੱਢੋਂ ਨਵੇਂ ਸਿਰੇ ਤੋਂ ਮਸਲਾ ਵਿਚਾਰਨ ਉੱਤੇ ਜ਼ੋਰ ਦੇਣਾ ਸ਼ੁਰੂ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜਦੋਂ ਹਰਿਆਣਾ ਦੇ ਵੱਖ ਹੋਣ ਵਾਲੇ ਸਮੇਂ ਨਾਲੋਂ ਅੱਜਪੰਜਾਬ ਦੇ ਦਰਿਆਵਾਂ ਵਿੱਚ ਪਾਣੀ ਘਟ ਗਿਆ ਹੈ ਤੇ ਪਹਾੜਾਂ ਉੱਤੇ ਉਸ ਵਕਤ ਜਿੰਨੀ ਬਰਫ ਵੀ ਨਹੀਂ ਰਹੀ ਤਾਂ ਨਵੇਂ ਹਾਲਾਤ ਵਿੱਚ ਪੁਰਾਣੀਆਂ ਗੱਲਾਂ ਕਰਨ ਦਾ ਵੀ ਕੋਈ ਫਾਇਦਾ ਨਹੀਂ, ਪੰਜਾਬ ਤੋਂ ਪਾਣੀ ਮੰਗਣ ਦੀ ਥਾਂ ਪੰਜਾਬ ਨੂੰ ਪਾਣੀ ਦੇਣ ਦੀ ਲੋੜ ਪੈ ਜਾਣੀ ਹੈ। ਨਾਲ ਇਹ ਵੀ ਤੱਥ ਮੂਹਰੇ ਰੱਖ ਦਿੱਤੇ ਕਿ ਪੰਜਾਬ ਵੱਡਾ ਹੈ ਤੇ ਹਰਿਆਣਾ ਛੋਟਾ ਹੋਣ ਦੇ ਬਾਵਜੂਦ ਅੱਜ ਦੀ ਤਰੀਕ ਵਿੱਚ ਪੰਜਾਬ ਤੋਂ ਵੱਧ ਪਾਣੀ ਵਰਤ ਰਿਹਾ ਹੈ, ਨੁਕਸਾਨ ਤਾਂ ਪੰਜਾਬ ਦਾ ਹੋਈ ਜਾਂਦਾ ਹੈ, ਇਸ ਦੀ ਭਰਪਾਈ ਹੋਣੀ ਚਾਹੀਦੀ ਹੈ, ਹਰਿਆਣੇ ਨਾਲ ਬਹੁਤਾ ਲਿਹਾਜ਼ ਕਰਦੇ ਰਹਿਣ ਦੀ ਨੀਤੀ ਠੀਕ ਨਹੀਂ ਮੰਨੀ ਜਾ ਸਕਦੀ। ਸਾਫ ਹੈ ਕਿ ਇਹ ਮਸਲਾ ਮੁੜ ਕੇ ਸੁਪਰੀਮ ਕੋਰਟ ਵਿੱਚ ਪੁੱਜਣ ਵਾਲਾ ਮਾਹੌਲ ਬਣ ਗਿਆ ਹੈ। ਪਾਣੀ ਦੀ ਲੜਾਈ ਜਿਸ ਥਾਂ ਤੋਂ ਸ਼ੁਰੂ ਹੋਈ ਸੀ, ਫਿਰ ਓਥੇ ਦੀ ਓਥੇ ਪਹੁੰਚ ਗਈ ਜਾਪਦੀ ਹੈ।

ਇਸ ਪਿੱਛੋਂ ਪੰਜਾਬ ਦੀਆਂ ਵਿਰੋਧੀ ਸਿਆਸੀ ਪਾਰਟੀਆਂ ਇਹ ਦੋਸ਼ ਲਾਉਣ ਲੱਗੀਆਂ ਹਨ ਕਿ ਪੰਜਾਬ ਦੀ ਮੌਜੂਦਾ ਸਰਕਾਰ ਨੇ ਫਸਾ ਦੇਣਾ ਹੈ, ਇਸ ਦੇ ਪਿੱਛੇ ਪੰਜਾਬ ਦਾ ਪਾਣੀ ਹਰਿਆਣੇ ਨੂੰ ਵੇਚਣ ਵਾਲੀ ਚਾਲ ਨਜ਼ਰ ਆਉਂਦੀ ਹੈ, ਇਸ ਕਰ ਕੇ ਕੋਈ ਗੱਲ ਮੰਨਣੀ ਨਹੀਂ ਚਾਹੀਦੀ। ਇਹ ਦੋਸ਼ ਲਾਉਣ ਵਾਲੀਆਂ ਪਾਰਟੀਆਂ ਨੇ ਆਪਣੇ ਰਾਜ ਦੇ ਵਕਤ ਸੁਪਰੀਮ ਕੋਰਟ ਜਾਂ ਕੇਂਦਰ ਸਰਕਾਰ ਕੋਲ ਪੰਜਾਬ ਦਾ ਕੇਸ ਠੀਕ ਤਰ੍ਹਾਂ ਪੇਸ਼ ਕੀਤਾ ਹੁੰਦਾ ਤਾਂ ਜਿਸ ਮੁਸ਼ਕਲ ਵਿੱਚ ਇਸ ਵੇਲੇ ਫਸ ਚੁੱਕਾ ਹੈ, ਉਸ ਵਿੱਚ ਪੰਜਾਬ ਨੇ ਫਸਣਾ ਹੀ ਕਦੇ ਨਹੀਂ ਸੀ। ਨਵੇਂ ਮੁੱਖ ਮੰਤਰੀ ਨੇ ਜਿਹੜੇ ਦੋ ਫਾਰਮੂਲੇ ਕੇਂਦਰ ਸਾਹਮਣੇ ਰੱਖੇ ਹਨ, ਉਹ ਇਨ੍ਹਾਂ ਪਾਰਟੀਆਂ ਨੇ ਕਦੇ ਨਹੀਂ ਸੀ ਰੱਖੇ। ਪਹਿਲਾ ਮੁੱਦਾ ਇਹ ਕਿ ਹਰਿਆਣੇ ਨਾਲ ਵੰਡ ਕਰਨ ਦੇ ਵਕਤ ਪੰਜਾਬ ਦੇ ਪਾਣੀਆਂ ਦੀ ਇਕੱਲੀ ਗੱਲ ਨਹੀਂ ਸੀ ਹੋਣੀ ਚਾਹੀਦੀ, ਠੀਕ ਵੰਡ ਕਰਨੀ ਸੀ ਤਾਂ ਹਰਿਆਣੇ ਵਿੱਚ ਵਗਣ ਵਾਲੇ ਜਮਨਾ ਦਾ ਪਾਣੀ ਵੀ ਇਸ ਵਿੱਚ ਗਿਣਨਾ ਚਾਹੀਦਾ ਸੀ ਤੇ ਦੂਸਰਾ ਦੋਵਾਂ ਰਾਜਾਂ ਵਿਚਾਲੇ ਵਗਦੇ ਘੱਗਰ ਦਰਿਆ ਦਾ ਪਾਣੀ ਇਕੱਲਾ ਹਰਿਆਣਾ ਵਰਤ ਰਿਹਾ ਹੈ, ਉਹ ਵੀ ਇਸ ਵਿੱਚ ਗਿਣਨਾ ਚਾਹੀਦਾ ਹੈ। ਪਿਛਲੀਆਂ ਸਰਕਾਰਾਂ ਨੇ ਇਸ ਬਾਰੇ ਕਦੇ ਕਿਸੇ ਪੱਧਰ ਉੱਤੇ ਬਾਕਾਇਦਾ ਪੈਂਤੜਾ ਮੱਲਿਆ ਹੋਵੇ, ਇਸ ਦੀ ਸਾਨੂੰ ਜਾਣਕਾਰੀ ਨਹੀਂ ਮਿਲੀ। ਅਜੋਕਾ ਮੁੱਖ ਮੰਤਰੀ ਜੇ ਇਸ ਮੁੱਦੇ ਉੱਤੇ ਅੱਗੇ ਗੱਲ ਚਲਾਉਂਦਾ ਹੈ ਤਾਂ ਸਰਕਾਰੀ ਪੱਧਰ ਤੱਕ ਰਹੇ ਜਾਂ ਸੁਪਰੀਮ ਕੋਰਟ ਤੱਕ ਪਹੁੰਚ ਜਾਵੇ, ਇਸ ਦਾ ਹੱਲ ਵੀ ਸੰਸਾਰ ਤੇ ਦੇਸ਼ ਪੱਧਰ ਦੇ ਬਾਕੀ ਮੁੱਦਿਆਂ ਦੇ ਵਾਂਗ ਹਾਲ ਦੀ ਘੜੀ ਛੇਤੀ ਨਿਕਲਦਾ ਨਹੀਂ ਜਾਪਦਾ।

ਏਨੇ ਸਾਰੇ ਮੁੱਦਿਆਂ ਦੇ ਬਾਅਦ ਹੋਰ ਗਿਣਨੇ ਹੋਣ ਤਾਂ ਜਲੰਧਰ ਦੇ ਲਤੀਫਪੁਰਾ ਵਿੱਚ ਵੱਸਦੇ ਲੋਕਾਂ ਦੇ ਉਜਾੜੇ ਦਾ ਮੁੱਦਾ ਵੀ ਵਿਚਾਲੇ ਫਸਿਆ ਹੈ, ਜ਼ੀਰੇ ਦੀ ਸ਼ਰਾਬ ਫੈਕਟਰੀ ਦਾ ਮਾਮਲਾ ਵੀ ਹੱਲ ਨਹੀਂ ਹੋ ਰਿਹਾ ਅਤੇ ਬੇਅਦਬੀ ਕਾਂਡ ਦੇ ਵਿਰੁੱਧ ਬਹਿਬਲ ਕਲਾਂ ਵਾਲਾ ਮੋਰਚਾ ਵੀ ਅਜੇ ਤੱਕ ਚੱਲੀ ਜਾਂਦਾ ਹੈ। ਕਾਲਜਾਂ ਟੀਚਰਾਂ ਤੋਂ ਬੱਸਾਂ ਦੇ ਰੂਟਾਂ ਤੱਕ ਉਲਝਣ ਤੇ ਪਿਛਲੇ ਸਮੇਂ ਵਿੱਚ ਭਰਤੀ ਹੋਣ ਪਿੱਛੋਂ ਨੌਕਰੀ ਉੱਤੇ ਨਾ ਰੱਖੇ ਗਏ ਪਿਛਲੀਆਂ ਸਰਕਾਰਾਂ ਦੇ ਸਤਾਏ ਲੋਕਾਂ ਦੇ ਕੇਸ ਵੀ ਵਿਚਾਲੇ ਲਟਕ ਰਹੇ ਹਨ। ਕਦੀ-ਕਦੀ ਟਰੱਕ ਅਪਰੇਟਰਾਂ ਜਾਂ ਕਿਸੇ ਹੋਰ ਧਿਰ ਵੱਲੋਂ ਅਚਾਨਕ ਇੱਕ ਹੋਰ ਮੋਰਚਾ ਖੋਲ੍ਹਣ ਅਤੇ ਫਿਰ ਸਰਕਾਰ ਨਾਲ ਗੱਲਾਂ ਦੇ ਕਈ ਦੌਰ ਚੱਲਣ ਦੇ ਬਾਅਦ ਹੱਲ ਨਿਕਲਣ ਦੀ ਚਰਚਾ ਵੀ ਸੁਣੀ ਜਾਂਦੀ ਹੈ, ਪਰ ਹੱਲ ਹਰ ਪਾਸੇ ਵਕਤੀ ਜਿਹੇ ਨਿਕਲਦੇ ਹਨ, ਪੱਕਾ ਹੱਲ ਕਿਤੇ ਕੋਈ ਨਹੀਂ ਲੱਭਦਾ। ਇੱਕ ਧਿਰ ਨਾਲ ਜਦੋਂ ਕੋਈ ਗੱਲ ਚੱਲਦੀ ਅਤੇ ਅੱਗੇ ਵਧਦੀ ਜਾਪਦੀ ਹੈ ਤਾਂ ਦਸ ਹੋਰ ਧਿਰਾਂ ਏਦਾਂ ਦੇ ਮੁੱਦੇ ਉਠਾ ਦੇਂਦੀਆਂ ਅਤੇ ਆਪਣਾ ਮੁੱਦਾ ਪਹਿਲਾਂ ਹੱਲ ਕਰਨ ਦੀ ਮੰਗ ਲਈ ਧਰਨੇ ਦੇਣ ਲਗਦੀਆਂ ਹਨ। ਇੱਕ ਸਾਬਕਾ ਜੱਜ ਨੇ ਕਿਹਾ ਸੀ ਕਿ ਮੁਕੱਦਮੇ ਸਾਡਾ ਖਹਿੜਾ ਨਹੀਂ ਛੱਡਦੇ, ਜਿੰਨਿਆਂ ਕੇਸਾਂ ਦਾ ਸਾਡੀਆਂ ਅਦਾਲਤਾਂ ਫੈਸਲਾ ਕਰਦੀਆਂ ਹਨ, ਉਸ ਤੋਂ ਵੱਧ ਹੋਰ ਕੇਸ ਆਣ ਪੁੱਜਦੇ ਹਨ ਤੇ ਇਸ ਤਰ੍ਹਾਂ ਇਹ ਲੜੀ ਲੰਮੀ ਤੋਂ ਲੰਮੀ ਹੁੰਦੀ ਰਹਿੰਦੀ ਹੈ। ਕਾਰਨ ਇਸ ਦਾ ਨਾ ਅਦਾਲਤਾਂ ਹਨ, ਨਾ ਪੰਜਾਬ ਜਾਂ ਕਿਸੇ ਹੋਰ ਰਾਜ ਵਿੱਚ ਚੱਲਦੀ ਸਰਕਾਰ ਇਕੱਲੀ ਕਹੀ ਜਾ ਸਕਦੀ ਹੈ, ਅਸਲ ਵਿੱਚ ਭਾਰਤ ਦਾ ਸਾਰਾ ਸਿਸਟਮ ਏਨਾ ਵਿਗੜਿਆ ਹੋਇਆ ਹੈ ਕਿ ਦੇਸ਼ ਜਾਂ ਰਾਜ ਦੀ ਸਰਕਾਰ ਦੀ ਕਮਾਨ ਕੋਈ ਪਾਰਟੀ ਵੀ ਸੰਭਾਲ ਲਵੇ, ਸੰਸਾਰ ਭਰ ਵਿੱਚ ਲਮਕਦੇ ਮੁੱਦਿਆਂ ਵਾਂਗ ਏਥੇ ਵੀ ਹਰ ਵਾਰ ਮੁੱਦੇ ਵਧ ਸਕਦੇ ਹਨ, ਘਟਣ ਦੀ ਆਸ ਰੱਖਣਾ ਫਜ਼ੂਲ ਗੱਲ ਕਹੀ ਜਾ ਸਕਦੀ ਹੈ।

# ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਡਾ. ਮਨਜਿੰਦਰ ਸਿੰਘ ਸਾਹਿਤ ਅਕਾਦਮੀ, ਦਿੱਲੀ ਦੇ ਮੈਂਬਰ ਨਾਮਜ਼ਦ

ਅੰਮ੍ਰਿਤਸਰ, 8 ਜਨਵਰੀ (ਪੋਸਟ ਬਿਊਰੋ): ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪੰਜਾਬੀ ਅਧਿਐਨ ਸਕੂਲ ਦੇ ਮੁਖੀ ਡਾ. ਮਨਜਿੰਦਰ ਸਿੰਘ ਨੂੰ ਭਾਰਤ ਦੀ ਰਾਸ਼ਟਰੀ ਪੱਧਰ ਦੀ ਸਿਰਮੌਰ ਸਾਹਿਤਕ ਸੰਸਥਾ ਸਾਹਿਤ ਅਕਾਦਮੀ, ਦਿੱਲੀ ਦੀ ਜਰਨਲ ਕੌਂਸਲ ਦੇ ਮੈਂਬਰ ਵਜੋਂ ਨਾਮਜ਼ਦ ਕਰ ਲਿਆ ਗਿਆ ਹੈ।

ਭਾਰਤ ਸਰਕਾਰ ਦੇ ਸੱਭਿਆਚਾਰ ਮੰਤਰਾਲੇ ਦੀ ਖੁਦਮਖ਼ਤਿਆਰ ਸੰਸਥਾ ਸਾਹਿਤ ਅਕਾਦਮੀ, ਦਿੱਲੀ ਵੱਲੋਂ ਜਰਨਲ ਕੌਂਸਲ ਦਾ ਗਠਨ ਪੰਜ ਸਾਲਾਂ ਲਈ ਕੀਤਾ ਜਾਂਦਾ ਹੈ ਜਿਸ ਵਿਚ ਪੰਜਾਬੀ ਨਾਲ ਸਬੰਧਤ ਤਿੰਨ ਨੁਮਾਇੰਦੇ ਸ਼ਾਮਿਲ ਹੁੰਦੇ ਹਨ। ਇਹ ਨੁਮਾਇੰਦੇ ਤਿੰਨ ਖੇਤਰਾਂ ਤੋਂ ਭੇਜੇ ਜਾਂਦੇ ਹਨ। ਯੂਨੀਵਰਸਿਟੀਆਂ ਵੱਲੋਂ ਪ੍ਰਸਤਾਵਿਤ ਨੁਮਾਇੰਦਿਆਂ ਵਿੱਚੋਂ ਡਾ. ਮਨਜਿੰਦਰ ਸਿੰਘ ਨੂੰ ਮੈਂਬਰ ਵਜੋਂ ਸ਼ਾਮਿਲ ਕੀਤਾ ਗਿਆ ਹੈ। ਪੰਜਾਬ ਸਰਕਾਰ ਦੇ ਸੱਭਿਆਚਾਰਕ ਮੰਤਰਾਲੇ ਵੱਲੋਂ ਪ੍ਰਸਤਾਵਿਤ ਨੁਮਾਇੰਦਿਆਂ ਵਿੱਚੋਂ ਸਾਹਿਤਕਾਰ ਬੂਟਾ ਸਿੰਘ ਚੌਹਾਨ ਨੂੰ ਮੈਂਬਰ ਵਜੋਂ ਚੁਣਿਆ ਗਿਆ ਹੈ। ਸੰਸਥਾਵਾਂ ਵੱਲੋ ਪ੍ਰਸਤਾਵਿਤ ਨੁਮਾਇੰਦਿਆਂ ਵਿੱਚੋਂ ਡਾ. ਰਵੇਲ ਸਿੰਘ ਦੀ ਚੋਣ ਮੈਂਬਰ ਵਜੋਂ ਕੀਤੀ ਗਈ ਹੈ। ਹੁਣ ਇਹ ਮੈਂਬਰ ਅਗਲੇ ਪੰਜ ਸਾਲਾਂ 1 ਜਨਵਰੀ 2023 ਤੋਂ 31 ਦਸੰਬਰ 2027 ਤੱਕ ਲਈ ਭਾਰਤੀ ਸਾਹਿਤ ਅਕਾਦਮੀ ਵਿਚ ਪੰਜਾਬੀ ਸਾਹਿਤ ਦੀ ਨੁਮਇੰਦਗੀ ਕਰਨ ਲਈ ਅਤੇ ਦਿੱਤੇ ਜਾਣ ਵਾਲੇ ਪੁਰਸਕਾਰਾਂ ਦਾ ਫੈਸਲਾ ਕਰਨ ਲਈ ਮੁੱਖ ਰੂਪ ਵਿਚ ਭੂਮਿਕਾ ਨਿਭਾਉਣਗੇ। ਇਹ ਤਿੰਨੇ ਮੈਂਬਰ ਅੱਗੇ ਸੱਤ ਹੋਰ ਮੈਂਬਰ ਜੋੜ ਕੇ ਦਸ ਮੈਂਬਰਾਂ ਦੇ ਇਕ ਸਲਾਹਕਾਰ ਬੋਰਡ ਦਾ ਗਠਨ ਵੀ ਕਰਨਗੇ। ਇਹ ਬੋਰਡ ਪੰਜਾਬੀ ਸਾਹਿਤ ਨਾਲ ਸਬੰਧਤ ਸਮਾਗਮਾਂ ਅਤੇ ਅਗਲੇ ਪੁਰਸਕਾਰਾਂ ਲਈ ਪੁਸਤਕਾਂ ਸਬੰਧੀ ਸਰਵੇ ਵਿਚ ਆਪਣਾ ਯੋਗਦਾਨ ਪਾਵੇਗਾ। ਇਸ ਤੋਂ ਪਿਛਲੀ ਜਰਨਲ ਕੌਂਸਲ ਦੀ ਤਿੰਨ ਮੈਂਬਰੀ ਟੀਮ (ਪੰਜਾਬੀ) ਵਿਚ ਡਾ. ਵਨੀਤਾ, ਡਾ. ਮਨਮੋਹਨ ਅਤੇ ਡਾ. ਦੀਪਕ ਮਨਮੋਹਨ ਸਿੰਘ ਸ਼ਾਮਿਲ ਸਨ।

ਸਾਹਿਤ ਅਕਾਦੇਮੀ, ਦਿੱਲੀ ਦੀ ਜਰਨਲ ਕੌਂਸਲ ਦੇ ਨਵ-ਨਿਯੁਕਤ ਮੈਂਬਰ ਡਾ. ਮਨਜਿੰਦਰ ਸਿੰਘ ਨੇ ਉਹਨਾਂ ਦਾ ਨਾਮ ਪ੍ਰਸਤਾਵਿਤ ਕਰਨ ਲਈ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਜਸਪਾਲ ਸਿੰਘ ਸੰਧੂ ਦਾ ਧੰਨਵਾਦ ਕਰਦਿਆਂ ਕਿਹਾ ਕਿ ਨਵੀਂ ਟੀਮ ਸਾਹਿਤ ਅਕਾਦੇਮੀ ਦੀਆਂ ਅਮੀਰ ਪਰੰਪਰਾਵਾਂ ਅਤੇ ਉੱਚੇ ਮਿਆਰਾਂ ਅਨੁਸਾਰ ਪੂਰਨ ਨਿਰਪੱਖਤਾ ਨਾਲ ਕਾਰਜਸ਼ੀਲ ਰਹੇਗੀ। ਉਹਨਾਂ ਇਹ ਵੀ ਕਿਹਾ ਕਿ ਨਵੀਂ ਟੀਮ ਭਾਰਤੀ ਸਾਹਿਤ ਅਕਾਦੇਮੀ ਵਿੱਚ ਪੰਜਾਬੀ ਸਾਹਿਤ ਦੇ ਮਿਆਰ ਨੂੰ ਬਣਾਈ ਰੱਖਣ ਅਤੇ ਅਗਲੇ ਪੰਜ ਸਾਲਾਂ ਦੇ ਪੁਰਸਕਾਰ-ਇਤਿਹਾਸ ਨੂੰ ਮਾਣਮੱਤਾ ਬਣਾਉਣ ਹਿੱਤ ਪੂਰੀ ਤਨਦੇਹੀ ਨਾਲ ਕਾਰਜ ਕਰੇਗੀ।

NEED A LAWYER ??
KAUR LAW OFFICE
Red Seal NOTARY



MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
- Skilled Worker Category
- Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ।।
RSFO Ramgarhia Sikh Foundation of Ontario
Ramgarhia Sikh Foundation of Ontario
10th International Award 2023
Dedicated to the 300th Birth Anniversary of Maharaja Jassa Singh Ramgarhia
300 ਸਾਲਾ ਮਹਾਰਾਜਾ ਰਾਮਗੜ੍ਹੀਆ ਦੇ ਨਾਮ

| | | |
|---|---|---|
| 19th May | Welcoming Guests | 10am |
| 19th May | Lunch | 1pm to 3pm |
| 20th May | Seminar | 10am to 4pm |
| 21th May | Presentation of Awards | 10am to 4pm |

on Friday, 19th May 2023
10:00am to 6:00pm
Century Gardens Recreations Complex (Auditorium 1)
340 Vodden Street East, Brampton, ON, L6V 2N2




Bhupinder Singh Seera (647) 833-6960
Ravinder Pal Singh Sond (647) 403-6767
Gurucharan Singh (Dubai) (416) 845-1019
Mohinder Singh Kundi (647) 294-1669
Harpal Singh Matharu (416) 579 3817
Jaswinder Singh Bhachu (416) 728 2776
Baldev Singh Mankoo (647) 2089729
Karnail Singh Marwaha (416) 567 5159

Daljit S. Gaidhu, Chairman, 416-305-9878
Jasbir S. Sehmbi, Vice Chairman, 437-774-1410
Manjit S. Bhachu, President, 416-275-2374
Jarnail S. Matharu, Treasurer, 416-409-6207
Hardial S. Jheeta, General Secretary, 647-409-8915

Address: 7956 Torbram Road #40, Bldg-B, Brampton, ON, L6T 5A2, Canada

# ‘ਰੇਤ ਦੇ ਜੰਗਲ’ ’ਚ ਵਿਚਰਦਿਆਂ

–ਡਾ ਗੁਰਬਖ਼ਸ਼ ਸਿੰਘ ਭੰਡਾਲ–




‘ਰੇਤ ਦਾ ਜੰਗਲ’, ਸਾਬਕਾ ਪੁਲੀਸ ਅਧਿਕਾਰੀ ਡਾ ਸੁਖਰਾਜ ਸਿੰਘ ਦਾ ਨਵਾਂ ਕਾਵਿ-ਸੰਗ੍ਰਹਿ ਹੈ। ਇਹ ਕਵਿਤਾਵਾਂ ਕਰੋਨਾ ਦੇ ਕਹਿਰ ਅਤੇ ਕਿਸਾਨ ਅੰਦੋਲਨ ਦੌਰਾਨ ਹਰੇਕ ਵਿਅਕਤੀ ਦੇ ਮਾਨਸਿਕ ਉਥਲ-ਪੁੱਥਲ ਨੂੰ ਉਜਾਗਰ ਕਰਦੀਆਂ। ਮਨ ਦੀਆਂ ਕਈ ਪਰਤਾਂ ਫਰੋਲਦੀਆਂ ਅਤੇ ਜਿਨ੍ਹਾਂ ਵਿਚੋਂ ਇਕ ਸੰਵੇਦਨਸ਼ੀਲ ਵਿਅਕਤੀ ਗੁਜਰਦਾ ਹੈ। ਜਦ ਉਸਨੂੰ ‘ਉਦਾਸ, ਬੇਸਹਾਰਾ, ਬੇਚੈਨ ਤੇ ਬੇਸੁਆਦਾ ਜਿਹਾ ਲੱਗਦਾ ਹੈ ਇਹ ਸੰਸਾਰ।’

‘ਰੇਤ ਦੇ ਜੰਗਲ’ ਵਿਚ ਵਿਚਰਦਿਆਂ ਕਦੇ ਉਹ ‘ਮੜੀ ਦਾ ਦੀਵੇ’ ਵਾਂਗ ਖੁਦ ਦੀ ਬੇਬੱਸੀ ਅਤੇ ਬੇਸਹਾਰੇਪਣ ਨੂੰ ਹਰਫ਼ਾਂ ਵਿਚ ਉਲਥਾਉਂਦਾ ਹੈ;

‘ਮੈਂ ਮੜੀ ਦਾ ਦੀਵਾ
ਬੇਸਹਾਰਾ, ਬੇਬੱਸ ਅਤੇ ਬੇਜ਼ੁਬਾਨ
ਟਿਮਟਿਮਾਂਦੀ ਲੋਅ ਨਾਲ ਜੀਅ ਰਿਹਾ ਹਾਂ
ਮੈਂ ਮੜੀ ਦਾ ਦੀਵਾ।’

ਕਦੇ ਉਹ ‘ਦਸਤੂਰ’ ਕਵਿਤਾ ਵਿਚ ਉਹ ਅਰਧ-ਚੇਤਨਾ ਵਿਚ ਬੈਠੀ ਸੱਜਣਾਂ ਦੀ ਯਾਦ ਨੂੰ ਨੂੰ ਦਰ-ਕਿਨਾਰ ਕਰਨ ਤੋਂ ਮਜ਼ਬੂਰ ਆਪਣੀ ਤਰਾਸਦੀ ਨੂੰ ਪ੍ਰਦਰਸ਼ਤ ਕਰਦੀ ਹੈ। ਬਹੁਤ ਹੀ ਸੂਖਮ ਅਤੇ ਸਹਿਜ ਰੂਪ ਵਿਚ ਸੱਜਣ ਨੂੰ ਯਾਦ ਕਰਦਿਆਂ;

‘ਚੰਨ ਨੂੰ ਵੀ ਚਾਹਵਾਂ
ਮਹਿਬੂਬ ਦੀ ਤਰ੍ਹਾਂ ਚੁੰਮਣਾ
ਤੇਰੀ ਛੱਤ ਤੇ ਕੀ ਗਿਆ
ਕਿ ਚੰਨ ਨੂੰ ਗਰੂਰ ਹੋ ਗਿਆ।’

ਇਸ ਕਾਵਿ-ਸੰਗ੍ਰਹਿ ਦੀਆਂ ਖ਼ੂਬਸੂਰਤ ਨਜ਼ਮਾਂ ਵਿਚ ‘ਰੇਤ ਦਾ ਜੰਗਲ’ ਕਵਿਤਾ ਹੈ ਜਿਹੜੀ ਜਿਉਂਦੇ-ਜਾਗਦੇ ਸੁਪਨੇ ਨੂੰ ਸ਼ਬਦਾਂ ਵਿਚ ਉਲਥਾਉਂਦੀ ਹੈ। ‘ਉਦਾਸ ਘਰ’ ’ਤੇ ਦਿਤੀ ‘ਦਸਤਕ’ ਵਿਚ ਮੁਹੱਬਤ ਨੂੰ ਮਿਲਣ ਦੀ ਤਾਂਘ ਅਤੇ ਗੋਦ ਵਿਚ ਸੁੱਸਤਾਉਣ ਅਤੇ ਲਰਜ਼ਾਉਣ ਦੀ ਤਾਂਘ ਬਹੁਤ ਹੀ ਖੂਬਸੂਰਤ ਰੂਪ ਵਿਚ ਕਵਿਤਾ ਦਾ ਰੂਪ ਧਾਰਦੀ ਹੈ।

‘ਉਹ ਔਰਤ ਉਠ ਕੇ
ਮੇਰੇ ਨਾਲ ਲੱਗ ਕੇ
ਬੈਠ ਜਾਂਦੀ ਹੈ
ਕੋਈ ਗੱਲਬਾਤ ਨਹੀਂ
ਇਕ ਦੂਜੇ ਨੂੰ ਨਜ਼ਰਾਂ
ਭਰ ਕੇ ਦੇਖ ਰਹੇ ਹਾਂ
....................

ਜਦ ਸਵੇਰੇ ਮੇਰੀ
ਅੱਖ ਖੁੱਲਦੀ ਹੈ ਤਾਂ
ਮੈਂ ਆਪਣੇ ਆਪ ਨੂੰ
ਤਨਹਾ, ਇਕੱਲਾ ਪਾਉਂਦਾ ਹਾਂ।’

ਇਹ ਤਨਹਾ ਹੀ ਉਸਦੀ ਕਾਵਿਤਾ ਦੀ ਸੰਵੇਦਨਾ ਨੂੰ ਨਵੇਂ ਅਰਥ ਦੇ ਜਾਂਦੀ ਹੈ।

ਕਰੋਨਾ ਦੌਰ ਅਤੇ ਇਤਿਹਾਸਕ ਕਿਸਾਨ ਅੰਦੋਲਨ ਨੂੰ ‘ਸਰਦ’ ਕਵਿਤਾ ਦੀਆਂ ਕੁਝ ਕੁ ਲਾਈਨਾਂ ਹੀ ਕਾਫ਼ੀ ਨੇ। ਸੁਖਰਾਜ ਦੀ ਕਲਮ ਕੂਕਦੀ ਹੈ;

‘ਬਾਹਰ ਸਰਦ ਹੈ
ਅੰਦਰ ਸਰਦ ਹੈ
ਸਾਰੇ ਪਾਸੇ ਦੇਖੋ ਮਹਿਸੂਸ ਕਰੋ
ਸਰਦ ਹੀ ਸਰਦ ਹੈ।’

ਇਹ ‘ਸਰਦ’ ਦਰਅਸਲ ਹਾਕਮਾਂ ਦੀਆਂ ਭਾਵਨਾਵਾਂ ਦਾ ਮਰ ਕੇ ਜੰਮ ਜਾਣਾ ਹੈ। ਕਿਸੇ ਦੇ ਦਰਦ ਨੂੰ ਮਹਿਸੂਸਣ ਤੋਂ ਮਹਿਰੂਮ ਹੋਣਾ ਅਤੇ ਸਰਦੀ ਵਿਚ ਸੋਚਾਂ ਦਾ ਨਿੱਘ ਬਾਲ ਰਹੇ ਕਿਸਾਨਾਂ ਨੂੰ ਸੱਭ ਤੋਂ ਵੱਡੀ ਅਕੀਦਤ ਹੈ। ਸਰਦ ਹੋਏ ਹਾਕਮ ਤਾਂ ਸਮੁੱਚੀ ਖਲਕਤ ਨੂੰ ਸਰਦ ਕਰਕੇ, ਸਿਰਫ਼ ਆਪਣੇ ਹਰਮ ਨੂੰ ਹੀ ਨਿੱਘਾ ਕਰਦੇ ਨੇ।

ਸੁਖਰਾਜ ਬਹੁਤ ਮਿਲਾਪੜਾ ਅਤੇ ਸੂਖ਼ਮ ਬਿਰਤੀ ਵਾਲਾ ਇਨਸਾਨ ਹੈ। ਤਾਂ ਹੀ ਉਹ ਪੁਲੀਸ ਅਫਸਰ ਹੁੰਦਿਆਂ ਵੀ ਕਾਵਿਕ ਪ੍ਰਤਿਭਾ ਨੂੰ ਸੀਨੇ ਵਿਚ ਧੇਖਾਈ ਰੱਖਦਾ ਹੈ। ਕਵਿਤਾ ਦੇ ਵਿਹੜੇ ਪੈਰ ਪਾਉਂਦਿਆਂ ਕਦੇ ਉਹ ਆਪਣੇ ਅਤੀਤ ਵੱਲ ਝਾਤੀ ਮਾਰਦਾ ਹੈ, ਕਦੇ ਪੰਜਾਬ ਯੂਨੀਵਰਸਿਟੀ ਦੇ ਸੁੰਨ ਪਏ ਕਾਫ਼ੀ ਹਾਊਸ ਵਿਚੋਂ ਆਪਣੇ ਮਿੱਤਰਾਂ ਨੂੰ ਤਲਾਸ਼ਦਾ ਉਦਾਸੀਨ ਹੋ ਜਾਂਦਾ ਹੈ।

ਸੁਖਰਾਜ ਦੀ ਰੂਹ ਪਿਘਲ ਜਾਂਦੀ ਹੈ ਜਦ ਉਸਦੀ ਭੈਣ ਸਦਾ ਲਈ ਵਿਛੜ ਜਾਂਦੀ ਹੈ ਤਾਂ ਉਹ ਕੂਕਦਾ ਹੈ;

‘ਕਿਥੇ ਚਲੇ ਜਾਂਦੇ ਨੇ ਇਹ ਪੰਛੀ
ਕਿਉਂ ਸਾਰਿਆਂ ਨੂੰ ਉਦਾਸ
ਛੱਡ ਉਡ ਜਾਂਦੇ ਨੇ ਇਹ ਪੰਛੀ
ਮੌਸਮ ਅੱਜ ਵੀ ਉਦਾਸ ਹੈ
ਗ਼ਮਗੀਨ ਹੈ
ਲੋਚਦਾ ਹੈ ਉਸਦੇ ਮੁੜਨ ਲਈ।’

ਪਰ ਸਦੀਵੀ ਯਾਤਰਾ ਤੇ ਤੁੱਰ ਗਏ ਪਿਆਰੇ ਕਦ ਪਰਤਦੇ ਨੇ? ਨਹੀਂ ਆਉਂਦਾ ਕੋਈ ਵੀ ਸੁੱਖ ਸੁਨੇਹਾ। ਉਹ ਜਾਣਦਾ ਹੈ ਇਸ ਸੱਚ ਨੂੰ ਕਿ

‘ਬਹੁਤ ਦੁੱਖਦਾਈ ਹੁੰਦਾ ਹੈ ਪੀੜ ਨੂੰ
ਸਰੀਰ ਤੇ ਹੰਢਾਉਣਾ’

ਸੁਖਰਾਜ ਵਾਰ ਵਾਰ ਬੀਤੇ ਵਿਚ ਪਰਤਦਾ ਹੈ ਤਾਂ ਹੀ ਉਹ ਬੀਤੇ ਦੀਆਂ ਤਸਵੀਰਾਂ ਨੂੰ ਫਰੋਲਦਿਆਂ ਸੋਚਦਾ ਹੈ;

‘ਤਸਵੀਰਾਂ ਬੋਲ ਪਈਆਂ
ਕੁਝ ਹੱਸਣ ਲੱਗੀਆਂ
ਕੁਝ ਰੋਣ ਲੱਗੀਆਂ
ਤੇ ਉਦਾਸ ਹੋ ਕੇ
ਚੁੱਪ ਹੋ ਗਈਆਂ।’

ਬਹੁਤ ਪੀੜਤ ਕਰਦਾ ਹੈ ਤਸਵੀਰਾਂ ਦਾ ਚੁੱਪ ਹੋ ਜਾਣਾ ਅਤੇ ਫਰੇਮ ਵਿਚ ਜੜ ਕੇ ਕੰਧ ਤੇ ਟੰਗੇ ਜਾਣਾ। ਇਹ ਤਸਵੀਰਾਂ ਕੁਝ ਨਹੀਂ ਬੋਲਦੀਆਂ। ਸਿਰ਼ ਯਾਦਾਂ ਦੀਆਂ ਤਹਿਆਂ ਵਿਚ ਹੱਲਚੱਲ ਪੈਦਾ ਕਰਦੀਆਂ ਨੇ।

ਉਸਦੇ ਅਚੇਤ ਮਨ ਵਿਚ ਆਪਣੇ ਮਹਿਬੂਬ ਨੂੰ ਮਿਲਣ ਦੀ ਤਾਂਘ ਅੰਗੜਾਈਆਂ ਲੈਂਦੀ ਰਹਿੰਦੀ ਹੈ ਅਤੇ ਇਸ ਤਾਂਘ ਨੂੰ ਉਹ ਕਲਮ ਦੇ ਨਾਮ ਕਰਦਾ ਹੈ;

‘ਮੇਰੇ ਮਹਿਬੂਬ ਨੇ
ਕੋਰੋਨਾ ਦੇ ਡਰ ਤੋਂ
ਮਿਲਣ ਤੋਂ ਨ੍ਹਾਂ ਕਰ ਦਿਤੀ ਸੀ

ਮੈਂ ਅੱਜ ਮਹਿਬੂਬ ਦੇ
ਪਿੰਡ ਦੀ ਗਲੀ ਵਿਚ
ਮੁਹੱਬਤ ਦਾ ਦੀਵਾ
ਜਲਾ ਆਇਆ ਹਾਂ।’

ਉਹ ਕਵਿਤਾ ਰਾਹੀਂ ਪਿਆਰੇ ਦੀ ਤਲਾਸ਼ ਵਿਚ ਰਹਿੰਦਾ ਹੈ ਜੋ ਉਸਦੀ ਰੂਹ ਨੂੰ ਰੁੱਸ਼ਨਾਅ ਕੇ ਉਸਨੂੰ ਉਸਦੇ ਆਪੇ ਨਾਲ ਜੋੜੇ ਅਤੇ ਇਹ ਨੂਰ ਵੀ ਵਿਲੱਖਣ ਹੈ;

‘ਤੇਰਾ ਇਕ ਨੂਰ ਹੈ
ਤੇਰਾ ਇਹ ਰਹਿਮ ਹੈ
ਬਸ ਇਹ ਤੇਰਾ ਅਹਿਲੇ ਕਰਮ ਹੈ।’

ਸੁਖਰਾਜ ਦੀਆਂ ਬਹੁਤ ਸਾਰੀਆਂ ਨਜ਼ਮਾਂ ਕਾਲਜ ਦੇ ਮਖ਼ਰੂਰੀ ਪਲਾਂ ਦੀਆਂ ਯਾਂਦਾਂ ਹਨ ਜਿਨ੍ਹਾਂ ਵਿਚ ਉਸਨੇ ਕੋਸੇ ਕੋਸੇ ਸਾਹਾਂ ਦਾ ਸੰਗ ਮਾਣਿਆ, ਪਿਆਰ ਭਿੱਜੇ ਪਲਾਂ ਨੂੰ ਭਰ ਕੇ ਜੀਵਿਆ। ਇਕ ਤਮੰਨਾ ਉਸਦੇ ਮਨ ਵਿਚ ਹੈ ਕਿ ਕਾਸ਼! ਉਹ ਪਿਆਰੇ ਅਤੇ ਨਿਆਰੇ ਦਿਨ ਪਰਤ ਆਉਣ ਅਤੇ ਮਿੱਤਰ ਪਿਆਰਿਆਂ ਦੀਆਂ ਮੁਹੱਬਤੀ ਸਾਂਝ ਮਿਲੇ। ਇਹਨਾਂ ਨਜ਼ਮਾਂ ਵਿਚ ‘ਇਕ ਮਿੱਠੀ ਅਵਾਜ਼’, ‘ਮੇਰੀ ਇਤਲਾਹ’, ‘ਯਾਦ’, ‘ਤਨਹਾਈ’, ‘ਪਹਿਲੀ ਨਜ਼ਰ’ ਆਦਿ ਨਜ਼ਮਾਂ ਹਨ।

ਬਹੁਤ ਸਾਰੀਆਂ ਨਜ਼ਮਾਂ ਕਿਆਨ ਅੰਦੋਲਨ ਦੀ ਉਪਜ ਹਨ ਅਤੇ ਕੁਝ ਕੋਰੋਨਾ ਦੌਰ ਦੀ ਮਾਤਮੀ ਰੁੱਤ ਦੀਆਂ ਹਨ ਜਦ ਮਨੁੱਖ ਨੂੰ ਕੁਦਰਤ ਨੇ ਦਿਖਾਇਆ ਕਿ ਕੁਦਰਤ ਚਾਹੇ ਤਾਂ ਦੁਨੀਆਂ ਦੀ ਤੇਜ਼-ਰਫ਼ਤਾਰੀ ਨੂੰ ਸਥਲ ਕੀਤਾ ਜਾ ਸਕਦਾ ਹੈ।

ਸੁਖਰਾਜ ਦੀ ਖਾਸੀਅਤ ਇਹ ਹੈ ਕਿ ਉਸਦੀ ਕਵਿਤਾ ਵਿਸ਼ਵ ਭਰ ਵਿਚਲੇ ਸਰੋਕਾਰਾਂ ਨੂੰ ਵੀ ਮੁਖਾਤਬ ਹੁੰਦੀ ਹੈ ਭਾਵੇਂ ਅਮਰੀਕਾ ਵਿਚ ਨਸਲੀ ਹਿੰਸਾ ਹੋਵੇ, ਨਸਲਵਾਦੀਆਂ ਵਲੋਂ ਬੁੱਤਾਂ ਨੂੰ ਤੋੜਨਾ ਹੋਵੇ ਜਾਂ ਚੀਨ ਵਲੋਂ ਕਰੋਨਾ ਰਾਹੀਂ ਦੁਨੀਆਂ ਨੂੰ ਮੌਤ ਦੀ ਨਗਰੀ ਵਿਚ ਧਕੇਲਣਾ ਹੋਵੇ।

ਸੱਭ ਤੋਂ ਖ਼ੂਬਸੂਰਤ ਹੈ ਕਿ ਉਸਦੀ ਕਵਿਤਾ ਵਿਚ ਉਹ ਬੱਚਾ ਵਿਚ ਵੀ ਜਿਊਂਦਾ ਹੈ ਜਿਸਦੀ ਅਵਾਜ ਅਸੀਂ ਵੱਡੇ ਹੋ ਕੇ ਸੁਣਨ ਤੋਂ ਇੰਨਕਾਰੀ ਹੋ ਜਾਂਦੇ ਹਾਂ। ਉਹ ਆਪਣੀ ਆਖਰੀ ਕਵਿਤਾ ‘ਮਨ ਜੇ...’ ਵਿਚ ਬਚਪਨੇ ਨੂੰ ਜਿਉਂਦਿਆਂ ਕਹਿੰਦਾ ਹੈ;

‘ਕਦੀ ਵੱਡੇ ਤਲਾਬ ਦੇ ਕਿਨਾਰੇ
ਬੈਠ ਕੇ ਪਾਣੀ ਦੀ ਹੱਲਚੱਲ ਨੂੰ
ਚੁੱਪਚਾਪ ਘੰਟਿਆਂ ਬੱਧੀ ਦੇਖਦੇ ਰਹਿਣਾ
ਕਦੇ ਚੱਲਦੇ ਚੱਲਦੇ
ਆਪਣਾ ਪ੍ਰਛਾਵਾਂ
ਆਪਣੇ ਨਾਲੋਂ ਲੰਮਾ ਦੇਖ ਕੇ ਘਬਰਾ ਜਾਣਾ’

ਖ਼ੁਦਾ ਕਰੇ! ਉਸਦੇ ਅੰਦਰਲਾ ਬੱਚਾ ਜਿਉਂਦਾ ਰਹੇ ਕਿਉਂਕਿ ਬੱਚੇ ਵਰਗੀ ਪਾਕੀਜਗੀ ਨਾਲ ਹੀ ਅਸੀਂ ਆਲੇ-ਦੁਆਲੇ ਦੇ ਵਰਤਾਰਿਆਂ ਨੂੰ ਸਹੀ ਸੰਦਰਭ ਵਿਚ ਦੇਖਦੇ ਹਾਂ। ਅਤੇ ਜਾਗਦੀ ਰਹੇ ਉਸਦੀ ਕਵਿਤਾ ਜੋ ਚੌਗਿਰਦੇ ਵਿਚ ਰੌਸ਼ਨੀ ਵੰਡਣ ਦਾ ਕਰਮ-ਧਰਮ ਤਾਅ ਉਮਰ ਨਿਭਾਉਂਦੀ ਰਹੇ। ਸੁਖਰਾਜ ਦੀ ਕਲਮ ਨੂੰ ਸਲਾਮ ਅਤੇ ਉਸਦੀ ਕਵਿਤਾ ਦੇ ਸੂਰਜਮੁੱਖੀ ਮੁਹਾਂਦਰੇ ਲਈ ਢੇਰ ਸਾਰੀਆਂ ਦੁਆਵਾਂ।

# ‘ਐਮ-ਗ੍ਰਾਮ ਸੇਵਾ’ ਐਪ ਨੇ ਜਨਤਕ ਵਿੱਤ ਪ੍ਰਬੰਧਨ ਵਿੱਚ ਜਵਾਬਦੇਹੀ ਅਤੇ ਪਾਰਦਰਸ਼ਤਾ ਵਧਾਈ : ਜਿੰਪਾ

## ਪਾਇਲਟ ਪ੍ਰੋਜੈਕਟ ਦੀ ਸਫਲਤਾ ਤੋਂ ਬਾਅਦ ਸੂਬੇ ਦੀਆਂ ਹੋਰ ਡਵੀਜਨਾਂ ਵਿੱਚ ਵੀ ਇਸ ਪ੍ਰਾਜੈਕਟ ਨੂੰ ਲਾਗੂ ਕਰਨ ਦੀ ਬਣਾਈ ਜਾ ਰਹੀ ਹੈ ਯੋਜਨਾ

ਚੰਡੀਗੜ੍ਹ, 8 ਜਨਵਰੀ (ਗਿਆਨ ਸਿੰਘ): ਪੰਜਾਬ ਸਰਕਾਰ ਸੂਬੇ ਭਰ ਵਿੱਚ ‘ਐਮ-ਗ੍ਰਾਮ ਸੇਵਾ ਐਪ’ ਸ਼ੁਰੂ ਕਰਨ ਦੀ ਯੋਜਨਾ ਬਣਾ ਰਹੀ ਹੈ। ਇਸ ਦੀ ਵਰਤੋਂ ਸਾਰੇ ਪਿੰਡਾਂ ਲਈ ਕੀਤੀ ਜਾਵੇਗੀ। ਆਨੰਦਪੁਰ ਸਾਹਿਬ ਵਿੱਚ ਐਮ-ਗ੍ਰਾਮ ਸੇਵਾ ਐਪ ਦੇ ਪਾਇਲਟ ਪ੍ਰੋਜੈਕਟ ਦਾ ਪ੍ਰਭਾਵ ਕਾਫ਼ੀ ਪਰਿਵਰਤਨਸ਼ੀਲ ਤੇ ਵਧੀਆ ਰਿਹਾ ਹੈ। ਇਹ ਨਾਗਰਿਕਾਂ ਦੇ ਜੀਵਨ ਵਿੱਚ ਸੁਧਾਰ ਲਿਆ ਰਿਹਾ ਹੈ ਅਤੇ ਸਮਾਜ ਵਿੱਚ ਇੱਕ ਹਾਂਪੱਖੀ ਤਬਦੀਲੀ ਦੇਖੀ ਜਾ ਰਹੀ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਗ੍ਰਾਮ ਪੰਚਾਇਤ ਪੱਧਰ ‘ਤੇ ਮਾਲੀਏ ਅਤੇ ਖਰਚਿਆਂ ਦੇ ਵੇਰਵਿਆਂ ਨੂੰ ਡਿਜੀਟਲ ਕਰਨ, ਮੋਹਰੀ ਆਗੂਆਂ ਨੂੰ ਸਮਰੱਥ ਬਣਾਉਣ ਅਤੇ ਜਲ ਸਪਲਾਈ ਸਬੰਧੀ ਸੇਵਾਵਾਂ ਦੇ ਫੰਡਾਂ ਦੇ ਪ੍ਰਬੰਧਨ ਵਿੱਚ ਜਵਾਬਦੇਹੀ ਅਤੇ ਪਾਰਦਰਸ਼ਤਾ ਵਧਾਉਣ ਲਈ ਦਸੰਬਰ 2021 ਵਿੱਚ ਐਮ-ਗ੍ਰਾਮ ਸੇਵਾ ਮੋਬਾਈਲ ਐਪ ਲਾਂਚ ਕੀਤੀ ਗਈ ਸੀ।

ਇਸ ਪਾਇਲਟ ਪ੍ਰਾਜੈਕਟ ਵਿੱਚ 73 ਗ੍ਰਾਮ ਪੰਚਾਇਤ ਜਲ ਸਪਲਾਈ ਕਮੇਟੀ ਸਕੀਮਾਂ ਅਤੇ ਸ੍ਰੀ ਅਨੰਦਪੁਰ ਸਾਹਿਬ ਡਿਵੀਜਨ ਦੇ 85 ਪਿੰਡਾਂ ਨੂੰ ਕਵਰ ਕੀਤਾ ਗਿਆ। ਇਹ ਐਪ ਐਂਡਰਾਇਡ ਅਤੇ ਆਈ.ਓ.ਐਸ ਪਲੇਟਫਾਰਮਾਂ ‘ਤੇ ਉਪਲਬਧ ਹੈ। ਇਸ ਵਿੱਚ ਵੱਖ ਵੱਖ ਭਾਸ਼ਾਵਾਂ ਚੁਣਨ ਦੀ ਸਹੂਲਤ, ਆਸਾਨ ਡਿਜੀਟਲ ਬੁੱਕ-ਕੀਪਿੰਗ, ਆਨਲਾਈਨ ਅਤੇ ਨਕਦ ਭੁਗਤਾਨ ਦੀ ਸਹੂਲਤ, ਐਸ.ਐਮ.ਐਸ. ਰਾਹੀਂ ਅਲਰਟ ਭੇਜਣ ਦੀ ਸਹੂਲਤ, ਅਤੇ ਪਾਣੀ ਦੀਆਂ ਸੇਵਾਵਾਂ ਦੀ ਕੁਆਲਿਟੀ ਦੇ ਮੁਲਾਂਕਣ ਲਈ ਇੱਕ ਪ੍ਰਣਾਲੀ ਸ਼ਾਮਲ ਹੈ।

ਉਨ੍ਹਾਂ ਅੱਗੇ ਕਿਹਾ ਕਿ ‘ਐਮ-ਗ੍ਰਾਮ ਸੇਵਾ ਐਪ ’ ਦੇ ਲਾਗੂ ਹੋਣ ਨਾਲ ਮਾਲੀਆ ਉਗਰਾਹੁਣ ਅਤੇ ਨਿਗਰਾਨ ਪ੍ਰਣਾਲੀ ਵਿੱਚ ਕਈ ਸੁਧਾਰ ਹੋਏ ਹਨ। ਇਸ ਐਪ ਦੇ ਲਾਗੂ ਹੋਣ ਤੋਂ ਪਹਿਲਾਂ 73 ਵਿੱਚੋਂ ਸਿਰਫ 20 ਗ੍ਰਾਮ ਪੰਚਾਇਤ ਵਾਟਰ ਸਪਲਾਈ ਕਮੇਟੀਆਂ (ਜੀ.ਪੀ.ਡਬਲਿਊ.ਐਸ.ਸੀ.) ਦਸਤਾਵੇਜ਼ੀ ਢੰਗ ਨਾਲ ਆਪਣੇ ਰਿਕਾਰਡਾਂ ਦੀ ਸਾਂਭ-ਸੰਭਾਲ ਕਰ ਰਹੇ ਸਨ ਪਰ ਹੁਣ ਸਾਰੇ ਰਿਕਾਰਡਾਂ ਨੂੰ ਐਪ ‘ਤੇ ਡਿਜੀਟਲ ਤੌਰ ‘ਤੇ ਬੜੇ ਸੁਚੱਜੇ ਤੇ ਸੁਖਾਲੇ ਢੰਗ ਨਾਲ ਸੰਭਾਲਿਆ ਜਾਂਦਾ ਹੈ। ਖਪਤਕਾਰ ਹੁਣ ਵੱਖ-ਵੱਖ ਵਿਕਲਪਾਂ ਰਾਹੀਂ ਆਨਲਾਈਨ ਭੁਗਤਾਨ ਕਰ ਸਕਦੇ ਹਨ ਅਤੇ ਸਾਰੀਆਂ ਰਿਪੋਰਟਾਂ, ਜਿਨ੍ਹਾਂ ਵਿੱਚ ਬਿੱਲ ਬਣਾਉਣ ਅਤੇ ਭੁਗਤਾਨ ਕਰਨ ਦੀਆਂ ਰਿਪੋਰਟਾਂ ਸ਼ਾਮਲ ਹਨ, ਨੂੰ ਐਸਐਮਐਸ ਰਾਹੀਂ ਭੇਜਿਆ ਜਾਂਦਾ ਹੈ ਅਤੇ ਵਟਸਐਪ ‘ਤੇ ਉਪਲਬਧ ਕਰਵਾਇਆ ਜਾਂਦਾ ਹੈ।

ਜਿੰਪਾ ਨੇ ਕਿਹਾ ਕਿ ਐਪ ਦਾ ਡੈਸ਼ਬੋਰਡ ਉਗਰਾਹੀ ਅਤੇ ਖਰਚਿਆਂ ਦੇ ਸਨੈਪਸ਼ਾਟ ਪ੍ਰਦਾਨ ਕਰਦਾ ਹੈ। ਇਹ ਸਰਪੰਚਾਂ ਅਤੇ ਹੋਰ ਗ੍ਰਾਮ ਪੰਚਾਇਤ ਮੈਂਬਰਾਂ ਲਈ ਉਪਲਬਧ ਰਹਿੰਦੇ ਹਨ ਅਤੇ ਐਪ ਵਿੱਚ ਉਪਲਬਧ ਕੰਜ਼ਿਊਮਰ ਰੇਟਿੰਗ ਸਿਸਟਮ (ਖ਼ਪਤਕਾਰ ਦਰਜਾਬੰਦੀ ਪ੍ਰਣਾਲੀ) ਦੀ ਸੁਵਿਧਾ ਨਾਲ ਜਲ ਸਪਲਾਈ ਸਬੰਧੀ ਸਮੱਸਿਆਵਾਂ ਦੀ ਸਮੇਂ ਸਿਰ ਪਛਾਣ ਅਤੇ ਨਿਪਟਾਰਾ ਕਰਨ ਵਿੱਚ ਸੁਧਾਰ ਆਇਆ ਹੈ।

ਮਾਲੀਆ ਉਗਰਾਹੀ ਅਤੇ ਨਿਗਰਾਨੀ ਵਿੱਚ ਸੁਧਾਰਾਂ ਦੇ ਨਾਲ-ਨਾਲ, ਐਮ-ਗ੍ਰਾਮ ਸੇਵਾ ਐਪ ਨੇ ਕਾਗਜ ਦੀ ਵਰਤੋਂ ਨੂੰ ਘਟਾ ਕੇ ਵਾਤਾਵਰਣ ਸੰਭਾਲ ਵਿੱਚ ਵੀ ਅਹਿਮ ਯੋਗਦਾਨ ਪਾਇਆ ਹੈ। ਜਿੰਪਾ ਨੇ ਅੱਗੇ ਕਿਹਾ ਕਿ ਸਾਰੇ ਖਾਤਿਆਂ ਨੂੰ ਡਿਜੀਟਲ ਤੌਰ ‘ਤੇ ਸਾਂਭ ਕੇ, ਐਪ ਨੇ ਦਸਤਾਵੇਜ਼ੀ ਰਿਕਾਰਡਾਂ ਦੀ ਲੋੜ ਨੂੰ ਖਤਮ ਕਰ ਦਿੱਤਾ ਹੈ, ਕਾਗਜ ਦੀ ਬਚਤ ਕੀਤੀ ਹੈ ਅਤੇ ਗ੍ਰਾਮ ਪੰਚਾਇਤ ਵਾਟਰ ਸਪਲਾਈ ਕਮੇਟੀਆਂ ਦੇ ਕੰਮ ਕਾਜ ਨੂੰ ਹੋਰ ਸੁਚਾਰੂ ਬਣਾਇਆ ਹੈ।

ਐਪ ਦੀ ਸਰਲਤਾ ਅਤੇ ਵਰਤੋਂ ਦੀ ਸੌਖ ਨੇ ਵੀ ਸਮੇਂ ਦੀ ਬਚਤ ਕੀਤੀ ਹੈ ਅਤੇ ਸਰਪੰਚਾਂ ਅਤੇ ਹੋਰਨਾਂ ਲਈ ਜੀ.ਪੀ.ਡਬਲਿਊ.ਐਸ.ਸੀ. ਦੇ ਪ੍ਰਬੰਧਨ ਕਰਨਾ ਵਧੇਰੇ ਸੁਵਿਧਾਜਨਕ ਬਣਾਇਆ ਹੈ। ਪਿੰਡਾਂ ਦੇ ਲੋਕਾਂ ਨਾਲ ਜੀ.ਪੀ.ਡਬਲਿਊ.ਐਸ.ਸੀ. ਦੀ ਕਾਰਗੁਜਾਰੀ ਬਾਰੇ ਜਾਣਕਾਰੀ ਸਾਂਝੀ ਕਰਨ ਦੀ ਸਹੂਲਤ ਨੇ ਦਿੱਤੀਆਂ ਜਾ ਰਹੀਆਂ ਸੇਵਾਵਾਂ ਵਿੱਚ ਲੋਕਾਂ ਦਾ ਵਿਸ਼ਵਾਸ ਹਾਸਲ ਕਰਨ ਵਿੱਚ ਬਹੁਤ ਮਦਦ ਕੀਤੀ ਹੈ।

ਐਮ-ਗ੍ਰਾਮ ਸੇਵਾ ਐਪ ਨੂੰ ਲੋਕਾਂ ਵੱਲੋਂ ਢੁਕਵਾਂ ਹੁੰਗਾਰਾ ਪ੍ਰਾਪਤ ਹੋਇਆ ਹੈ, ਬਹੁਤ ਸਾਰੇ ਖਪਤਕਾਰਾਂ ਨੇ ਆਨਲਾਈਨ ਭੁਗਤਾਨ ਵਿਕਲਪਾਂ ਦਾ ਫਾਇਦਾ ਲਿਆ ਹੈ ਅਤੇ ਆਪਣੇ ਪਿੰਡਾਂ ਵਿੱਚ ਜਲ ਸੇਵਾਵਾਂ ਦੀ ਗੁਣਵੱਤਾ ਦੀ ਰੇਟਿੰਗ( ਦਰਜਾਬੰਦੀ) ਵੀ ਕੀਤੀ ਹੈ। ਭਵਿੱਖ ਵਿੱਚ ਮੋਬਾਈਲ ਵਾਲਿਟ ਵਿਕਲਪ ਦੀ ਸ਼ੁਰੂਆਤ ਨਾਲ ਭੁਗਤਾਨ ਕਰਨ ਦੀ ਸਹੂਲਤ ਵਿੱਚ ਹੋਰ ਵਾਧਾ ਹੋਵੇਗਾ।

ਜਲ ਸਪਲਾਈ ਅਤੇ ਸੈਨੀਟੇਸ਼ਨ ਦੇ ਵਿਭਾਗ ਦੇ ਪ੍ਰਮੁੱਖ ਸਕੱਤਰ ਡੀ.ਕੇ ਤਿਵਾੜੀ ਅਤੇ ਵਿਭਾਗ ਮੁਖੀ ਮੁਹੰਮਦ ਇਸ਼ਫਾਕ ਨੇ ਕਿਹਾ ਕਿ ਐਮ-ਗ੍ਰਾਮ ਸੇਵਾ ਪਾਇਲਟ ਪ੍ਰਾਜੈਕਟ ਨੇ ਸ੍ਰੀ ਅਨੰਦਪੁਰ ਸਾਹਿਬ ਡਿਵੀਜਨ ਵਿੱਚ ਜਨਤਕ ਵਿੱਤ ਪ੍ਰਬੰਧਨ ‘ਤੇ ਮਹੱਤਵਪੂਰਨ ਪ੍ਰਭਾਵ ਪਾਇਆ ਹੈ, ਜਿਸ ਨਾਲ ਪ੍ਰਕਿਰਿਆ ਵਿੱਚ ਜਵਾਬਦੇਹੀ ਅਤੇ ਪਾਰਦਰਸ਼ਤਾ ਵਧੀ ਹੈ। ਮੋਬਾਈਲ ਐਪ ਨੇ ਫੰਡ ਪ੍ਰਬੰਧਨ ਦੀ ਕੁਸ਼ਲਤਾ ਵਿੱਚ ਸੁਧਾਰ ਕੀਤਾ ਹੈ, ਜਿਸ ਨਾਲ ਲੋਕਾਂ ਲਈ ਬਿਹਤਰ ਸੇਵਾਵਾਂ ਮਿਲੀਆਂ। ਐਪ ਦੇ ਡਿਜੀਟਲ ਬੁੱਕਕੀਪਿੰਗ ਅਤੇ ਭੁਗਤਾਨ ਵਿਕਲਪਾਂ ਨੇ ਸਮੇਂ ਅਤੇ ਸਰੋਤਾਂ ਦੀ ਬਚਤ ਕੀਤੀ ਹੈ ਅਤੇ ਇਸਦੀ ਉਪਭੋਗਤਾ ਰੇਟਿੰਗ ਪ੍ਰਣਾਲੀ ਨੇ ਜਲ ਸੇਵਾ ਪ੍ਰਦਾਨ ਕਰਨ ਨਾਲ ਆ ਰਹੀਆਂ ਦਿੱਕਤਾਂ ਦੀ ਸਮੇਂ ਸਿਰ ਪਛਾਣ ਅਤੇ ਨਿਪਟਾਰਾ ਕਰਨ ਵਿੱਚ ਮਦਦ ਕੀਤੀ ਹੈ। ਐਮ-ਗ੍ਰਾਮ ਸੇਵਾ ਐਪ ਦੀ ਸਫਲਤਾ ਇਸ ਐਪ ਨੂੰ ਰਾਜ ਭਰ ਦੇ ਹੋਰ ਭਾਗਾਂ ਵਿੱਚ ਵੀ ਵਰਤੇ ਜਾਣ ਦੇ ਯੋਗ ਬਣਾਉਂਦੀ ਹੈ, ਤਾਂ ਜੋ ਇਸਦੇ ਲਾਭ ਇੱਕ ਵਿਸ਼ਾਲ ਜਨਸਮੂਹ ਤੱਕ ਪਹੁੰਚਣ।







## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11’’ ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9’’, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422, ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5’’8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4’’ tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2’’ ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com








## ਕੇਅਰ ਗਿਵਰ ਦੀ ਲੋੜ



ਬਜੁਰਗ ਔਰਤ ਨੂੰ ਸੰਭਾਲਣ ਲਈ ਕੇਅਰ ਗਿਵਰ ਦੀ ਲੋੜ ਹੈ। ਵਧੀਆ ਤਨਖਾਹ ਦਿੱਤੀ ਜਾਵੇਗੀ। **‘PR’** ਲਈ ਮੱਦਦ ਕੀਤੀ ਜਾਵੇਗੀ। Location ‘Winnipeg, MB’ ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:

**204-333-9000, 416-818-3777**








## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

# ਜੋਸ਼ੀਮਠ ਨੂੰ ਅਧਿਕਾਰਤ ਤੌਰ 'ਤੇ ਲੈਂਡਸਲਾਈਡ ਜ਼ੋਨ ਐਲਾਨਿਆ, 60 ਤੋਂ ਵੱਧ ਪਰਿਵਾਰਾਂ ਨੂੰ ਕੱਢਿਆ

ਜੋਸ਼ੀਮਠ, 8 ਦਸੰਬਰ (ਪੋਸਟ ਬਿਊਰੋ) - ਜੋਸ਼ੀਮਠ ਵਿਚ ਦਰਾਰਾਂ ਦੇ ਬਾਅਦ ਤੋਂ ਸਰਕਾਰ ਹਰਕਤ ਵਿਚ ਹੈ। ਇੱਕ ਸੀਨੀਅਰ ਅਧਿਕਾਰੀ ਨੇ ਐਤਵਾਰ ਨੂੰ ਦੱਸਿਆ ਕਿ ਜੋਸ਼ੀਮਠ ਨੂੰ ਜਮੀਨ ਖਿਸਕਣ ਦਾ ਖਤਰਾ ਐਲਾਨਿਆ ਗਿਆ ਹੈ ਅਤੇ ਕਸਬੇ ਵਿੱਚ ਨੁਕਸਾਨੇ ਗਏ ਘਰਾਂ ਵਿੱਚ ਰਹਿ ਰਹੇ 60 ਤੋਂ ਵੱਧ ਪਰਿਵਾਰਾਂ ਨੂੰ ਅਸਥਾਈ ਰਾਹਤ ਕੇਂਦਰਾਂ ਵਿੱਚ ਭੇਜਿਆ ਗਿਆ ਹੈ। ਘੱਟੋ-ਘੱਟ 90 ਹੋਰ ਪਰਿਵਾਰਾਂ ਨੂੰ ਬਾਹਰ ਕੱਢਿਆ ਜਾਣਾ ਹੈ। ਗੜ੍ਹਵਾਲ ਦੇ ਕਮਿਸ਼ਨਰ ਸੁਸੀਲ ਕੁਮਾਰ ਨੇ ਦੱਸਿਆ ਕਿ ਸਥਾਨਕ ਪ੍ਰਸ਼ਾਸਨ ਨੇ ਸ਼ਹਿਰ ਵਿਚ ਚਾਰ-ਪੰਜ ਥਾਵਾਂ 'ਤੇ ਰਾਹਤ ਕੇਂਦਰ ਬਣਾਏ ਹਨ। ਇਸ ਦੌਰਾਨ ਚਮੋਲੀ ਦੇ ਜ਼ਿਲਾ ਮੈਜਿਸਟਰੇਟ (ਡੀ.ਐੱਮ.)



ਹਿਮਾਂਸ਼ੂ ਖੁਰਾਣਾ ਨੇ ਪ੍ਰਭਾਵਿਤ ਖੇਤਰ ਵਿਚ ਘਰ-ਘਰ ਜਾ ਕੇ ਨੁਕਸਾਨ ਦਾ ਜਾਇਜਾ ਲਿਆ ਅਤੇ ਲੋਕਾਂ ਨੂੰ ਰਾਹਤ ਕੇਂਦਰਾਂ ਵਿਚ ਜਾਣ ਦੀ ਅਪੀਲ ਕੀਤੀ। ਜੋਸ਼ੀਮਠ ਨੂੰ ਜ਼ਮੀਨ ਖਿਸਕਣ ਵਾਲਾ ਇਲਾਕਾ ਐਲਾਨਿਆ ਗਿਆ ਹੈ। ਘਰਾਂ ਵਿਚ ਰਹਿ ਰਹੇ 60 ਤੋਂ ਵੱਧ ਪਰਿਵਾਰਾਂ ਨੂੰ ਅਸਥਾਈ ਰਾਹਤ ਕੇਂਦਰਾਂ ਵਿਚ ਤਬਦੀਲ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਨੁਕਸਾਨ ਦੀ ਹੱਦ ਨੂੰ ਦੇਖਦੇ ਹੋਏ, ਘੱਟੋ-ਘੱਟ 90 ਹੋਰ ਪਰਿਵਾਰਾਂ ਨੂੰ ਜਲਦੀ ਤੋਂ ਜਲਦੀ ਬਾਹਰ ਕੱਢਿਆ ਜਾਵੇਗਾ। ਜੋਸ਼ੀਮਠ ਵਿਚ ਕੁੱਲ 4500 ਇਮਾਰਤਾਂ ਹਨ ਅਤੇ ਇਨ੍ਹਾਂ ਵਿਚੋਂ 610 ਇਮਾਰਤਾਂ ਵਿੱਚ ਵੱਡੀਆਂ ਤਰੇੜਾਂ ਆ ਗਈਆਂ ਹਨ, ਜਿਸ ਕਾਰਨ ਉਹ ਰਹਿਣਯੋਗ ਨਹੀਂ ਹਨ। ਇਕ ਸਰਵੇਖਣ ਚੱਲ ਰਿਹਾ ਹੈ ਅਤੇ ਪ੍ਰਭਾਵਿਤ ਇਮਾਰਤਾਂ ਦੀ ਗਿਣਤੀ ਵਧ ਸਕਦੀ ਹੈ। ਪ੍ਰਭਾਵਿਤ ਖੇਤਰ, ਜਿਸ ਵਿਚ ਪਹਿਲਾਂ ਦਰਾਰਾਂ ਸਨ ਅਤੇ ਹਾਲ ਹੀ ਵਿੱਚ ਨੁਕਸਾਨੀਆਂ ਗਈਆਂ ਸਨ, ਇੱਕ ਵੱਡੀ ਧਾਰ ਬਣਾਉਂਦੀ ਹੈ ਜੋ 1.5 ਕਿਲੋਮੀਟਰ ਤੱਕ ਫੈਲ ਸਕਦੀ ਹੈ। ਜੋਸ਼ੀਮਠ 'ਚ ਚਾਰ-ਪੰਜ ਸੁਰੱਖਿਅਤ ਥਾਵਾਂ 'ਤੇ ਅਸਥਾਈ ਰਾਹਤ ਕੇਂਦਰ ਬਣਾਏ ਗਏ ਹਨ।

# ਯੂਕਰੇਨ ਤੋਂ ਬਦਲਾ ਲੈਣ ਲਈ ਰੂਸ ਨੇ ਕੀਤਾ 600 ਤੋਂ ਵੱਧ ਯੂਕਰੇਨੀ ਸੈਨਿਕਾਂ ਦਾ ਕਤਲ



ਮਾਸਕੋ, 8 ਦਸੰਬਰ (ਪੋਸਟ ਬਿਊਰੋ) - ਰੂਸ ਨੇ ਯੂਕਰੇਨ ਨਾਲ ਜੰਗ ਨੂੰ ਲੈ ਕੇ ਵੱਡਾ ਬਿਆਨ ਦਿੱਤਾ ਹੈ। ਰੂਸ ਦੇ ਰੱਖਿਆ ਮੰਤਰਾਲੇ ਨੇ ਇਕ ਬਿਆਨ 'ਚ ਕਿਹਾ ਹੈ ਕਿ ਪਿਛਲੇ ਸਮੇਂ 'ਚ ਅਸੀਂ ਯੂਕਰੇਨ ਤੋਂ ਬਦਲਾ ਲੈਣ ਲਈ ਕੀਤੇ ਗਏ ਹਮਲੇ 'ਚ 600 ਤੋਂ ਜ਼ਿਆਦਾ ਯੂਕਰੇਨੀ ਫੌਜੀਆਂ ਨੂੰ ਮਾਰ ਦਿੱਤਾ ਹੈ। ਰੂਸ ਦੇ ਇਸ ਦਾਅਵੇ ਨੂੰ ਲੈ ਕੇ ਯੂਕਰੇਨ ਵਲੋਂ ਤੁਰੰਤ ਕੋਈ ਪ੍ਰਤੀਕਿਰਿਆ ਨਹੀਂ ਆਈ ਹੈ। ਪਰ ਪੂਰਬੀ ਯੂਕਰੇਨ ਦੇ ਸ਼ਹਿਰ ਕ੍ਰਾਮਟੋਰਸਕ ਦੇ ਮੇਅਰ ਨੇ ਕਿਹਾ ਕਿ ਉਨ੍ਹਾਂ ਦੇ ਸ਼ਹਿਰ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਐਤਵਾਰ ਨੂੰ ਫੇਸਬੁੱਕ 'ਤੇ ਕਿਹਾ ਸੀ ਕਿ ਸ਼ਹਿਰ ਦੀਆਂ ਵੱਖ-ਵੱਖ ਇਮਾਰਤਾਂ 'ਤੇ ਹੋਏ ਹਮਲੇ ਵਿਚ ਕਿਸੇ ਦੀ ਮੌਤ ਨਹੀਂ ਹੋਈ ਹੈ।

ਰੂਸ ਦੇ ਰੱਖਿਆ ਮੰਤਰਾਲੇ ਨੇ ਕਿਹਾ ਹੈ ਕਿ ਕ੍ਰਾਮੇਟੋਰਸਕ ਵਿਚ ਇਮਾਰਤਾਂ 'ਤੇ ਹਮਲਾ ਇਸ ਸਾਲ ਦੇ ਸ਼ੁਰੂ ਵਿਚ ਮਾਸਕੋ ਦੀ ਫੌਜ ਦੁਆਰਾ ਨਿਯੰਤਰਿਤ ਡੋਨੇਟਸਕ ਖੇਤਰ ਦੇ ਹਿੱਸੇ, ਮਾਕੀਵਕਾ ਵਿਚ ਇੱਕ ਰੂਸੀ ਬੈਰਕਾਂ 'ਤੇ ਕੀਤੇ ਗਏ ਘਾਤਕ ਯੂਕਰੇਨੀ ਹਮਲੇ ਦਾ ਬਦਲਾ ਸੀ, ਜਿਸ ਵਿੱਚ ਘੱਟੋ-ਘੱਟ 89 ਸੈਨਿਕ ਮਾਰੇ ਗਏ ਸਨ।

ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ ਕਿ ਉਸਨੇ ਯੂਕਰੇਨ ਦੇ ਸੈਨਿਕਾਂ ਨੂੰ ਨਿਸ਼ਾਨਾ ਬਣਾਉਣ ਲਈ ਭਰੋਸੇਯੋਗ ਖੁਫੀਆ ਜਾਣਕਾਰੀ ਦੀ ਵਰਤੋਂ ਕੀਤੀ ਸੀ। ਇਸ ਜਾਣਕਾਰੀ ਦੇ ਤਹਿਤ ਸਾਨੂੰ ਦੱਸਿਆ ਗਿਆ ਕਿ ਇੱਕ ਹੋਸਟਲ ਵਿੱਚ 700 ਤੋਂ ਵੱਧ ਯੂਕਰੇਨ ਦੇ ਸੈਨਿਕ ਰੱਖੇ ਗਏ ਹਨ ਜਦੋਂ ਕਿ 600 ਤੋਂ ਵੱਧ ਦੂਜੇ ਹੋਸਟਲ ਵਿਚ ਰੱਖੇ ਗਏ ਹਨ।

ਰੂਸੀ ਰੱਖਿਆ ਮੰਤਰਾਲੇ ਨੇ ਕਿਹਾ ਕਿ ਇਹ ਸੂਚਨਾ ਮਿਲਣ ਤੋਂ ਬਾਅਦ ਹੀ ਅਸੀਂ ਇਨ੍ਹਾਂ ਟੀਚਿਆਂ 'ਤੇ ਵੱਡੀ ਗਿਣਤੀ 'ਚ ਮਿਜ਼ਾਈਲ ਹਮਲੇ ਕੀਤੇ। ਇਨ੍ਹਾਂ ਹਮਲਿਆਂ ਵਿੱਚ 600 ਤੋਂ ਵੱਧ ਯੂਕਰੇਨ ਦੇ ਸੈਨਿਕ ਮਾਰੇ ਗਏ ਸਨ। ਅਜਿਹੇ 'ਚ ਜੇਕਰ ਰੂਸ ਦਾ ਇਹ ਦਾਅਵਾ ਸਹੀ ਹੈ ਤਾਂ ਪਿਛਲੇ ਸਾਲ 24 ਫਰਵਰੀ ਨੂੰ ਰੂਸ ਦੇ ਹਮਲੇ ਤੋਂ ਬਾਅਦ ਯੂਕਰੇਨੀ ਫੌਜੀਆਂ ਦੇ ਮਾਰੇ ਜਾਣ ਦੀ ਇਹ ਸਭ ਤੋਂ ਵੱਡੀ ਘਟਨਾ ਹੈ।

## ਦਿੱਲੀ ਵਿਚ ਫੈਕਟਰੀ ਦੀ ਲਿਫਟ ਡਿੱਗਣ ਨਾਲ ਤਿੰਨ ਦੀ ਮੌਤ, ਪੁਲਸ ਜਾਂਚ ਵਿਚ ਜੁਟੀ



ਨਵੀਂ ਦਿੱਲੀ, 8 ਦਸੰਬਰ (ਪੋਸਟ ਬਿਊਰੋ) - ਦਿੱਲੀ ਦੇ ਨਰਾਇਣ ਇੰਡਸਟਰੀਅਲ ਏਰੀਆ ਵਿੱਚ ਸਥਿਤ ਇੱਕ ਫੈਕਟਰੀ ਵਿੱਚ ਲਿਫਟ ਡਿੱਗਣ ਦੀ ਘਟਨਾ ਸਾਹਮਣੇ ਆਈ ਹੈ। ਜਾਣਕਾਰੀ ਅਨੁਸਾਰ ਇਸ ਘਟਨਾ 'ਚ ਤਿੰਨ ਲੋਕਾਂ ਦੀ ਮੌਤ ਹੋ ਗਈ, ਜਦਕਿ ਇਕ ਗੰਭੀਰ ਰੂਪ 'ਚ ਜਖਮੀ ਹੋ ਗਿਆ। ਪੁਲੀਸ ਨੇ ਮ੍ਰਿਤਕਾਂ ਦੀ ਪਛਾਣ 30 ਸਾਲਾ ਕੁਲਵੰਤ ਸਿੰਘ, 26 ਸਾਲਾ ਦੀਪਕ ਕੁਮਾਰ ਅਤੇ 33 ਸਾਲਾ ਸੰਨੀ ਵਜੋਂ ਕੀਤੀ ਹੈ। ਜਦਕਿ ਜਖਮੀ ਵਿਅਕਤੀ ਦੀ ਪਛਾਣ ਸੂਰਜ ਵਜੋਂ ਹੋਈ ਹੈ। ਫਿਲਹਾਲ ਪੁਲਿਸ ਇਸ ਹਾਦਸੇ ਦੀ ਜਾਂਚ ਵਿੱਚ ਜੁਟੀ ਹੋਈ ਹੈ। ਪੁਲਿਸ ਅਧਿਕਾਰੀ ਨੇ ਦੱਸਿਆ ਕਿ ਜੇਕਰ ਲੋੜ ਪਈ ਤਾਂ ਅਸੀਂ ਉਸ ਸਮੇਂ ਦੌਰਾਨ ਫੈਕਟਰੀ ਦੇ ਮਾਲਕ ਅਤੇ ਉੱਥੇ ਕੰਮ ਕਰਦੇ ਹੋਰ ਕਰਮਚਾਰੀਆਂ ਤੋਂ ਵੀ ਪੁੱਛਗਿੱਛ ਕਰ ਸਕਦੇ ਹਾਂ।

ਜ਼ਿਕਰਯੋਗ ਹੈ ਕਿ ਮੁੰਬਈ 'ਚ ਵੀ 4 ਜਨਵਰੀ ਨੂੰ ਅਜਿਹੀ ਹੀ ਇਕ ਘਟਨਾ 'ਚ 25 ਮੰਜਲਾ ਇਮਾਰਤ ਦੀ 'ਲਿਫਟ' ਹਾਦਸਾਗ੍ਰਸਤ ਹੋ ਗਈ ਸੀ। ਇਸ ਦੌਰਾਨ ਇੱਕ ਨੌਜਵਾਨ ਦੀ ਮੌਤ ਹੋ ਗਈ ਸੀ। ਇਹ ਘਟਨਾ ਮੁੰਬਈ ਦੇ ਵਿਖਰੋਨੀ ਇਲਾਕੇ ਦੀ ਹੈ।

ਹਾਦਸੇ ਦੇ ਸਮੇਂ ਪੂਰਬੀ ਮੁੰਬਈ ਉਪਨਗਰ ਦੇ ਸਟੇਸ਼ਨ ਰੋਡ 'ਤੇ ਸਥਿਤ ਸਿੱਧੀਵਿਨਾਇਕ ਸੋਸਾਇਟੀ 'ਚ ਸੀਸੇ ਦੀ ਕੈਬਿਨ ਲਿਫਟ 'ਚ ਚਾਰ ਲੋਕ ਸਫਰ ਕਰ ਰਹੇ ਸਨ ਅਤੇ ਡਿੱਗਣ ਤੋਂ ਬਾਅਦ ਜਮੀਨੀ ਮੰਜਲਿ 'ਤੇ ਲਿਫਟ 'ਚ ਫਸ ਗਏ ਸਨ। ਸੂਚਨਾ ਮਿਲਣ 'ਤੇ ਫਾਇਰ ਬ੍ਰਿਗੇਡ ਦੇ ਅਧਿਕਾਰੀ ਮੌਕੇ 'ਤੇ ਪਹੁੰਚ ਗਏ ਅਤੇ ਲਿਫਟ ਦਾ ਦਰਵਾਜਾ ਖੋਲ੍ਹਿਆ ਗਿਆ। ਚਾਰ ਵਿਅਕਤੀਆਂ ਵਿਚੋਂ ਤਿੰਨ ਆਪ ਹੀ ਲਿਫਟ ਵਿਚੋਂ ਬਾਹਰ ਆ ਗਏ ਸਨ। ਫਾਇਰਫਾਈਟਰਜ ਨੇ ਚੌਥੇ ਵਿਅਕਤੀ ਨੂੰ ਬਾਹਰ ਕੱਢਿਆ। ਉਸ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ।

## ਬੰਗਾਲ 'ਚ ਵੰਦੇ ਭਾਰਤ ਐਕਸਪ੍ਰੈੱਸ 'ਤੇ ਫਿਰ ਪਥਰਾਅ, ਬੋਲਪੁਰ ਸਟੇਸ਼ਨ 'ਤੇ ਰੋਕੀ ਗਈ ਟਰੇਨ



ਪੱਛਮੀ ਬੰਗਾਲ, 8 ਦਸੰਬਰ (ਪੋਸਟ ਬਿਊਰੋ) - ਪੱਛਮੀ ਬੰਗਾਲ 'ਚ ਇਕ ਵਾਰ ਫਿਰ ਵੰਦੇ ਭਾਰਤ ਐਕਸਪ੍ਰੈਸ ਟਰੇਨ 'ਤੇ ਪਥਰਾਅ ਦਾ ਮਾਮਲਾ ਸਾਹ-ਮਣੇ ਆਇਆ ਹੈ। ਜਿਸ ਵਿੱਚ ਟਰੇਨ ਦੇ ਸੀਸੇ ਨੂੰ ਕੁਝ ਨੁਕਸਾਨ ਹੋਇਆ ਹੈ। ਸੂਚਨਾ ਮਿਲਦੇ ਹੀ ਮੌਕੇ 'ਤੇ ਪਹੁੰਚੇ ਅਧਿਕਾਰੀਆਂ ਨੇ ਮਾਮਲੇ ਦੀ ਜਾਂਚ ਸੁਰੂ ਕਰ ਦਿੱਤੀ ਹੈ। ਜਾਣਕਾਰੀ ਮੁਤਾਬਕ ਵੰਦੇ ਭਾਰਤ ਦੇ ਸੀ 14 ਕੰਪਾਰਟਮੈਂਟ 'ਤੇ ਪੱਥਰ ਸੁੱਟੇ ਗਏ। ਇਸ ਘਟਨਾ ਕਾਰਨ ਰੇਲਗੱਡੀ ਨੂੰ ਬੋਲਪੁਰ ਸਟੇਸਨ 'ਤੇ ਕਾਫੀ ਦੇਰ ਰੁਕਣਾ ਪਿਆ, ਜਦਕਿ ਇੱਥੇ ਸਿਰਫ 2 ਮਿੰਟ ਦਾ ਹੀ ਠਹਿਰਾਅ ਹੈ। ਇਸ ਪਥਰਾਅ ਵਿੱਚ ਕਿਸੇ ਵੀ ਯਾਤਰੀ ਨੂੰ ਸੱਟ ਨਹੀਂ ਲੱਗੀ।

ਦੱਸ ਦੇਈਏ ਕਿ ਪਿਛਲੇ ਸਾਲ 30 ਦਸੰਬਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬੰਗਾਲ ਵਿਚ ਵੰਦੇ ਭਾਰਤ ਟਰੇਨ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਸੀ। ਇਸ ਤੋਂ ਬਾਅਦ 1 ਜਨਵਰੀ ਅਤੇ ਫਿਰ 2 ਜਨਵਰੀ ਨੂੰ ਟਰੇਨ 'ਤੇ ਪਥਰਾਅ ਦੀ ਘਟਨਾ ਸਾਹ-ਮਣੇ ਆਈ। ਪੂਰਬੀ ਰੇਲਵੇ ਦੇ ਸੀਪੀਆਰਓ ਨੇ ਵੀ ਇਸ ਸਬੰਧੀ ਬਿਆਨ ਦਿੱਤਾ ਸੀ। ਉਨ੍ਹਾਂ ਨੇ ਕਿਹਾ ਸੀ ਕਿ ਵੀਡੀਓ ਫੁਟੇਜ ਨੂੰ ਸਕੈਨ ਕਰਨ ਤੋਂ ਬਾਅਦ ਪਤਾ ਲੱਗਾ ਹੈ ਕਿ ਸੋਮਵਾਰ (1 ਜਨਵਰੀ) ਨੂੰ ਜੋ ਪਥਰਾਅ ਹੋਇਆ ਸੀ, ਉਹ ਮਾਲਦਾ ਜ਼ਿਲੇ 'ਚ ਹੋਇਆ ਸੀ। ਦੂਜੇ ਪਾਸੇ ਮੰਗਲਵਾਰ (2 ਜਨਵਰੀ) ਦੀ ਘਟਨਾ ਬਿਹਾਰ ਦੇ ਕਿਸ਼ਨਕੰਜ ਦੀ ਹੈ। ਉਨ੍ਹਾਂ ਵਲੋਂ ਕਿਹਾ ਗਿਆ ਕਿ ਮੁਲਜ਼ਮਾਂ ਨੂੰ ਫੜ੍ਹਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਹੁਣ ਜਾਂਚ ਚੱਲ ਰਹੀ ਹੈ ਪਰ ਭਾਜਪਾ ਨੇ ਇਸ ਮਾਮਲੇ ਦੀ ਐਨਆਈਏ ਜਾਂਚ ਦੀ ਮੰਗ ਉਠਾਈ ਹੈ।

ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ 1 ਅਤੇ 2 ਜਨਵਰੀ ਨੂੰ ਹੋਈ ਪਥਰਾਅ ਦੀ ਘਟਨਾ ਤੋਂ ਇਨਕਾਰ ਕੀਤਾ ਹੈ। ਉਨ੍ਹਾਂ ਕਿਹਾ ਸੀ ਕਿ ਪੱਛਮੀ ਬੰਗਾਲ 'ਚ ਨਹੀਂ, ਬਿਹਾਰ 'ਚ 'ਵੰਦੇ ਭਾਰਤ' 'ਤੇ ਪਥਰਾਅ ਕੀਤਾ ਗਿਆ ਸੀ। ਝੂਠ ਫੈਲਾਉਣ ਦਾ ਕੰਮ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਸਾਡੇ ਸੂਬੇ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਵੈਸੇ ਵੀ ਵੰਦੇ ਭਾਰਤ ਕੋਈ ਨਵੀਂ ਰੇਲਗੱਡੀ ਨਹੀਂ ਹੈ। ਇਹ ਪੁਰਾਣੀ ਟਰੇਨ ਹੈ ਜਿਸ ਵਿੱਚ ਨਵਾਂ ਇੰਜਣ ਲਗਾਇਆ ਗਿਆ ਹੈ।

## ਸਰਦੀਆਂ ਕਾਰਨ ਪ੍ਰਾਈਵੇਟ ਸਕੂਲਾਂ ਲਈ ਦਿੱਲੀ ਸਰਕਾਰ ਦੀ ਐਡਵਾਈਜ਼ਰੀ, 15 ਜਨਵਰੀ ਤੱਕ ਸਕੂਲ ਬੰਦ



ਨਵੀਂ ਦਿੱਲੀ, 8 ਦਸੰਬਰ (ਪੋਸਟ ਬਿਊਰੋ) - ਰਾਸ਼ਟਰੀ ਰਾਜਧਾਨੀ ਦਿੱਲੀ 'ਚ ਘੱਟਦੇ ਤਾਪਮਾਨ ਅਤੇ ਵਧਦੀ ਸਰਦੀ ਦੇ ਮੱਦੇਨਜਰ ਦਿੱਲੀ ਸਰਕਾਰ ਨੇ ਪ੍ਰਾਈਵੇਟ ਸਕੂਲਾਂ ਲਈ ਐਡਵਾਈਜਰੀ ਜਾਰੀ ਕੀਤੀ ਹੈ। ਸਰਕਾਰ ਨੇ 15 ਜਨਵਰੀ ਤੱਕ ਸਕੂਲ ਬੰਦ ਕਰਨ ਦੀ ਗੱਲ ਕਹੀ ਹੈ। ਦਿੱਲੀ ਸਰਕਾਰ ਦੇ ਡਾਇਰੈਕਟੋਰੇਟ ਆਫ ਐਜੂਕੇਸਨ ਵੱਲੋਂ ਪ੍ਰਾਈਵੇਟ ਸਕੂਲਾਂ ਲਈ ਐਡਵਾਈਜਰੀ ਜਾਰੀ ਕੀਤੀ ਗਈ ਹੈ।

ਸਰਕਾਰ ਨੇ ਇੱਕ ਐਡਵਾਈਜਰੀ ਵਿਚ ਕਿਹਾ ਹੈ ਕਿ ਸਰਦੀਆਂ ਦੇ ਮੱਦੇਨਜਰ ਸਕੂਲ 15 ਜਨਵਰੀ ਤੱਕ ਬੰਦ ਰਹਿਣੇ ਚਾਹੀਦੇ ਹਨ। ਦਿੱਲੀ ਦੇ ਜ਼ਿਆਦਾਤਰ ਪ੍ਰਾਈਵੇਟ ਸਕੂਲਾਂ ਵਿਚ 8 ਜਨਵਰੀ ਤੱਕ ਹੀ ਸਰਦੀਆਂ ਦੀਆਂ ਛੁੱਟੀਆਂ ਸਨ। ਸਕੂਲ ਸੋਮਵਾਰ ਤੋਂ ਖੁੱਲ੍ਹਣੇ ਸਨ।

ਦਿੱਲੀ ਦੇ ਸਰਕਾਰੀ ਸਕੂਲਾਂ ਵਿਚ 1 ਤੋਂ 15 ਜਨਵਰੀ ਤੱਕ ਸਰਦੀਆਂ ਦੀਆਂ ਛੁੱਟੀਆਂ ਹਨ। ਹੁਣ ਪ੍ਰਾਈਵੇਟ ਸਕੂਲਾਂ ਲਈ ਵੀ ਐਡਵਾਈਜਰੀ ਜਾਰੀ ਕੀਤੀ ਗਈ ਹੈ ਕਿ ਉਹ ਵੀ 15 ਜਨਵਰੀ ਤੱਕ ਸਕੂਲ ਬੰਦ ਰੱਖਣ।

ਦਿੱਲੀ ਵਿਚ ਸੀਤ ਲਹਿਰ ਜਾਰੀ ਹੈ। ਐਤਵਾਰ ਸਵੇਰੇ ਵੀ ਸ਼ਹਿਰ ਵਿਚ ਕੜਾਕੇ ਦੀ ਠੰਢ ਦਾ ਪ੍ਰਕੋਪ ਦੇਖਣ ਨੂੰ ਮਿਲਿਆ। ਸ਼ਹਿਰ ਦੇ ਮੁੱਖ ਮੌਸਮ ਕੇਂਦਰ ਸਫਦਰਜੰਗ ਆਬਜਰਵੇਟਰੀ ਦਾ ਘੱਟੋ-ਘੱਟ ਤਾਪਮਾਨ 1.9 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜੋ ਕਿ ਪਿਛਲੇ ਦੋ ਸਾਲਾਂ ਵਿੱਚ ਰਾਸਟਰੀ ਰਾਜਧਾਨੀ ਵਿੱਚ ਜਨਵਰੀ ਮਹੀਨੇ ਵਿੱਚ ਦਰਜ ਕੀਤਾ ਗਿਆ ਸਭ ਤੋਂ ਘੱਟ ਤਾਪਮਾਨ ਹੈ।

## ਅਮਰੀਕਾ ਦੇ ਸਕੂਲ ਵਿਚ 6 ਸਾਲਾ ਬੱਚੇ ਨੇ ਟੀਚਰ ਨੂੰ ਮਾਰੀ ਗੋਲੀ, ਗੰਭੀਰ ਜ਼ਖਮੀ




ਵਾਸ਼ਿੰਗਟਨ, 8 ਦਸੰਬਰ (ਪੋਸਟ ਬਿਊਰੋ) - ਅਮਰੀਕਾ ਦੇ ਪੂਰਬੀ ਸੂਬੇ ਵਰਜੀਨੀਆ ਵਿਚ ਸ਼ੁੱਕਰਵਾਰ ਨੂੰ ਇਕ 6 ਸਾਲਾ ਬੱਚੇ ਨੇ ਇਕ ਐਲੀਮੈਂਟਰੀ ਸਕੂਲ ਦੇ ਕਲਾਸਰੂਮ 'ਚ ਗੋਲੀਬਾਰੀ ਕੀਤੀ, ਜਿਸ ਨਾਲ ਇਕ ਅਧਿਆਪਕ ਗੰਭੀਰ ਰੂਪ 'ਚ ਜਖਮੀ ਹੋ ਗਿਆ। ਰਿਚਨੇਕ ਐਲੀਮੈਂਟਰੀ ਸਕੂਲ ਵਿੱਚ ਇਸ ਘਟਨਾ ਵਿੱਚ ਕਿਸੇ ਵਿਦਿਆਰਥੀ ਨੂੰ ਸੱਟ ਨਹੀਂ ਲੱਗੀ।

ਸਥਾਨਕ ਪੁਲਿਸ ਮੁਖੀ ਸਟੀਵ ਡਰਿਊ ਨੇ ਇੱਕ ਨਿਊਜ ਕਾਨਫਰੰਸ ਵਿੱਚ ਕਿਹਾ, "ਬੱਚਾ ਛੇ ਸਾਲ ਦਾ ਵਿਦਿਆਰਥੀ ਹੈ। ਉਹ ਫਿਲਹਾਲ ਪੁਲਿਸ ਹਿਰਾਸਤ ਵਿੱਚ ਹੈ। ਇਹ ਅਚਾਨਕ ਗੋਲੀਬਾਰੀ ਨਹੀਂ ਸੀ।" ਪੁਲਿਸ ਨੇ ਦੱਸਿਆ ਕਿ ਪੀੜਤ ਅਧਿਆਪਕਾ ਦੀ ਉਮਰ 30 ਸਾਲ ਹੈ ਅਤੇ ਉਸ ਦੀਆਂ ਸੱਟਾਂ ਜਾਨਲੇਵਾ ਹਨ।

ਸ਼ਹਿਰ ਦੇ ਸਕੂਲਾਂ ਦੇ ਸੁਪਰਡੈਂਟ, ਜਾਰਜ ਪਾਰਕਰ ਨੇ ਕਿਹਾ, "ਮੈਂ ਸਦਮੇ ਵਿੱਚ ਹਾਂ, ਅਤੇ ਮੈਂ ਨਿਰਾਸ਼ ਹਾਂ। ਸਾਨੂੰ ਇਹ ਯਕੀਨੀ ਬਣਾਉਣ ਲਈ ਭਾਈਚਾਰੇ ਦੇ ਸਮਰਥਨ ਦੀ ਲੋੜ ਹੈ ਕਿ ਬੰਦੂਕਾਂ ਬੱਚਿਆਂ ਦੀ ਪਹੁੰਚ ਤੋਂ ਬਾਹਰ ਹੋਣੀਆਂ ਚਾਹੀਦੀਆਂ ਹਨ।" ਤੁਹਾਨੂੰ ਦੱਸ ਦੇਈਏ ਕਿ ਅਮਰੀਕਾ ਵਿਚ ਸਕੂਲਾਂ ਵਿਚ ਗੋਲੀਬਾਰੀ ਦੀਆਂ ਘਟਨਾਵਾਂ ਨੇ ਹੜਕੰਪ ਮਚਾ ਦਿੱਤਾ ਹੈ। ਪਿਛਲੇ ਮਈ ਵਿੱਚ, ਇੱਕ 18 ਸਾਲਾ ਬੰਦੂਕਧਾਰੀ ਨੇ ਟੈਕਸਾਸ ਦੇ ਉਵਾਲਡੇ ਵਿੱਚ 19 ਬੱਚਿਆਂ ਅਤੇ ਦੋ ਅਧਿਆਪਕਾਂ ਦੀ ਹੱਤਿਆ ਕਰ ਦਿੱਤੀ ਸੀ।

# ਯੂਏਈ ਵਿਚ ਭਾਰਤੀ ਨੇ ਕੀਤਾ ਅਜਿਹਾ ਕੰਮ, ਹੋ ਰਹੀ ਹੈ ਤਾਰੀਫ!



ਦੁਬਈ, 8 ਦਸੰਬਰ (ਪੋਸਟ ਬਿਊਰੋ) - ਖਾੜੀ ਦੇਸ ਸੰਯੁਕਤ ਅਰਬ ਅਮੀਰਾਤ ਦੇ ਸ਼ਹਿਰ ਦੁਬਈ 'ਚ ਇਕ ਭਾਰਤੀ ਨੇ ਅਜਿਹਾ ਕੰਮ ਕੀਤਾ ਹੈ ਕਿ ਉਥੋਂ ਦੀ ਪੁਲਸ ਨੇ ਉਸ ਦਾ ਸਨਮਾਨ ਕੀਤਾ ਹੈ। ਦੁਬਈ 'ਚ ਰਹਿਣ ਵਾਲੇ ਇਕ ਭਾਰਤੀ ਪ੍ਰਵਾਸੀ ਨੇ ਜਨਤਕ ਸਥਾਨ 'ਤੇ ਮਿਲੇ ਲੱਖਾਂ ਰੁਪਏ ਪੁਲਸ ਸਟੇਸ਼ਨ ਨੂੰ ਸੌਂਪ ਦਿੱਤੇ ਹਨ। ਦੁਬਈ ਪੁਲਿਸ ਨੇ ਭਾਰਤੀ ਪ੍ਰਵਾਸੀ ਦੀ ਇਸ ਇਮਾਨਦਾਰੀ ਦੀ ਭਰਪੂਰ ਸ਼ਲਾਘਾ ਕੀਤੀ ਹੈ।

ਖਲੀਜ਼ ਟਾਈਮਜ਼ ਦੀ ਰਿਪੋਰਟ ਮੁਤਾਬਕ ਭਾਰਤੀ ਪ੍ਰਵਾਸੀ ਉਪੇਂਦਰ ਨਾਥ ਚਤੁਰਵੇਦੀ ਨੂੰ 1,34,930 ਦਿਰਹਾਮ (ਕਰੀਬ 30 ਲੱਖ 22 ਹਜਾਰ 5 ਸੌ ਰੁਪਏ) ਦੀ ਨਕਦੀ ਜਨਤਕ ਥਾਂ 'ਤੇ ਪਈ ਮਿਲੀ। ਉਸ ਨੇ ਇਹ ਪੈਸੇ ਬਿਨਾਂ ਕਿਸੇ ਲਾਲਚ ਦੇ ਅਲ ਰਫਾਹ ਥਾਣੇ ਵਿਚ ਜਮ੍ਹਾਂ ਕਰਵਾ ਦਿੱਤੇ। ਅਲ ਰਫਾਹ ਪੁਲਿਸ ਸਟੇਸਨ ਦੇ ਡਾਇਰੈਕਟਰ ਕਰਨਲ ਉਮਰ ਮੁਹੰਮਦ ਬਿਨ ਹਮਾਦ ਨੇ ਉਸਦੀ ਇਮਾਨਦਾਰੀ ਲਈ ਉਸਦੀ ਪ੍ਰਸ਼ੰਸਾ ਕੀਤੀ। ਅਧਿਕਾਰੀ ਨੇ ਭਾਰਤੀ ਪ੍ਰਵਾਸੀ ਨੂੰ ਪ੍ਰਸੰਸਾ ਪੱਤਰ ਦੇ ਕੇ ਸਨਮਾਨਿਤ ਵੀ ਕੀਤਾ।

ਭਾਰਤੀ ਪ੍ਰਵਾਸੀ ਨੇ ਉਸ ਨੂੰ ਸਨਮਾਨਿਤ ਕਰਨ ਲਈ ਦੁਬਈ ਪੁਲਿਸ ਦਾ ਧੰਨਵਾਦ ਕੀਤਾ ਹੈ। ਉਸ ਦਾ ਕਹਿਣਾ ਹੈ ਕਿ ਪੁਲੀਸ ਨੂੰ ਪੈਸੇ ਵਾਪਸ ਕਰਕੇ ਉਹ ਬਹੁਤ ਮਾਣ ਅਤੇ ਖੁਸੀ ਮਹਿਸੂਸ ਕਰ ਰਿਹਾ ਹੈ।

ਦੁਬਈ ਦੇ ਪੁਲਿਸ ਅਧਿਕਾਰੀ ਨਿਯਮਿਤ ਤੌਰ 'ਤੇ ਉਹਨਾਂ ਲੋਕਾਂ ਨੂੰ ਇਨਾਮ ਦਿੰਦੇ ਹਨ ਜੋ ਪੁਲਿਸ ਸਟੇਸਨ ਵਿਚ ਗੁੰਮ ਹੋਈ ਨਕਦੀ ਜਾਂ ਕੀਮਤੀ ਸਮਾਨ ਜਮ੍ਹਾ ਕਰਦੇ ਹਨ। ਪਿਛਲੇ ਸਾਲ ਵੀ ਅਜਿਹੇ ਕਈ ਮਾਮਲੇ ਸਾਹ-ਮਣੇ ਆਏ ਸਨ ਜਿੱਥੇ ਅਧਿਕਾਰੀਆਂ ਵਲੋਂ ਇਮਾਨਦਾਰ ਲੋਕਾਂ ਨੂੰ ਸਨਮਾਨਿਤ ਕੀਤਾ ਗਿਆ ਸੀ।

ਜੂਨ ਵਿੱਚ, ਭਾਰਤੀ ਪ੍ਰਵਾਸੀ ਤਾਰਿਕ ਮਹਿਮੂਦ ਖਾਲਿਦ ਮਹਿਮੂਦ ਨੇ ਅਜਿਹਾ ਹੀ ਸਲਾਘਾਯੋਗ ਕੰਮ ਕੀਤਾ ਸੀ। ਉਸ ਨੂੰ ਆਪਣੀ ਇਮਾਰਤ ਦੀ ਲਿਫਟ ਵਿੱਚੋਂ 10 ਲੱਖ ਦਿਰਹਾਮ ਮਿਲੇ, ਜੋ ਉਸ ਨੇ ਪੁਲੀਸ ਨੂੰ ਸੌਂਪ ਦਿੱਤੇ। ਇਸ ਮਗਰੋਂ ਪੁਲੀਸ ਨੇ ਉਸ ਦਾ ਸਨਮਾਨ ਕੀਤਾ।

# ਮੈਕਸੀਕੋ 'ਚ ਦੋ ਟਰੇਨਾਂ ਦੀ ਟੱਕਰ 'ਚ ਇਕ ਦੀ ਮੌਤ, 57 ਜ਼ਖਮੀ





ਮੈਕਸੀਕੋ ਸਿਟੀ, 8 ਦਸੰਬਰ (ਪੋਸਟ ਬਿਊਰੋ) -ਮੈਕਸੀਕੋ ਦੀ ਰਾਜਧਾਨੀ ਮੈਕਸੀਕੋ ਸਿਟੀ 'ਚ ਸ਼ਨੀਵਾਰ ਨੂੰ ਇਕ ਵੱਡਾ ਹਾਦਸਾ ਵਾਪਰ ਗਿਆ। ਇੱਥੇ ਦੋ ਮੈਟਰੋ ਟਰੇਨਾਂ ਵਿਚਾਲੇ ਜਬਰਦਸਤ ਟੱਕਰ ਹੋ ਗਈ। ਇਸ ਟੱਕਰ 'ਚ ਇਕ ਵਿਅਕਤੀ ਦੀ ਜਾਨ ਚਲੀ ਗਈ ਜਦਕਿ 57 ਦੇ ਕਰੀਬ ਲੋਕ ਜਖਮੀ ਹੋ ਗਏ। ਟਰੇਨ 'ਚ ਕਈ ਲੋਕਾਂ ਦੇ ਫਸੇ ਹੋਣ ਦੀ ਵੀ ਸੂਚਨਾ ਹੈ।

ਮੈਕਸੀਕੋ ਸਿਟੀ ਦੀ ਸਰਕਾਰ ਦੇ ਮੁਖੀ ਕਲਾਉਡੀਆ ਸੇਨਬੌਮ ਨੇ ਦੱਸਿਆ ਕਿ ਇਹ ਹਾਦਸਾ ਲਾ ਰਜਾ ਅਤੇ ਪੋਤਰੇਰੋ ਸਟੇਸ਼ਨਾਂ ਵਿਚਕਾਰ ਮੈਟਰੋ ਲਾਈਨ ਨੰਬਰ ਤਿੰਨ 'ਤੇ ਵਾਪਰਿਆ। ਸਮਾਚਾਰ ਏਜੰਸੀ ਰਾਈਟਰਸ ਦੇ ਮੁਤਾਬਿਕ ਸੇਨਬੌਮ ਨੇ ਕਿਹਾ ਕਿ ਟ੍ਰੇਨ ਦੇ ਡਰਾਈਵਰ ਸਭ ਤੋਂ ਗੰਭੀਰ ਰੂਪ ਨਾਲ ਜਖਮੀ ਹੋਏ ਹਨ। ਇਸ ਤੋਂ ਇਲਾਵਾ ਟਰੇਨ 'ਚ ਫਸੇ ਚਾਰ ਲੋਕਾਂ ਨੂੰ ਬਾਹਰ ਕੱਢ ਲਿਆ ਗਿਆ ਹੈ। ਸਾਰੇ ਜਖਮੀਆਂ ਦਾ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ।

ਉਨ੍ਹਾਂ ਨੇ ਪ੍ਰੈੱਸ ਕਾਨਫਰੰਸ 'ਚ ਕਿਹਾ- ਹਾਦਸੇ 'ਚ ਇਕ ਔਰਤ ਦੀ ਮੌਤ ਹੋ ਗਈ ਹੈ। ਕਲਾਉਡੀਆ ਨੇ ਟਰੇਨ ਦੀ ਟੱਕਰ 'ਚ ਮਰਨ ਵਾਲੀ ਲੜਕੀ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟਾਈ ਹੈ।

## 22ਵੀਂ ਮੰਜ਼ਿਲ ਤੋਂ ਹੇਠਾਂ ਡਿੱਗਣ ਕਾਰਨ ਲੁਧਿਆਣਾ ਦੀ ਕੁੜੀ ਦੀ ਹਾਂਗਕਾਂਗ ਵਿਚ ਮੌਤ



ਲੁਧਿਆਣਾ, 8 ਜਨਵਰੀ (ਪੋਸਟ ਬਿਊਰੋ): ਪੰਜਾਬ ਦੇ ਲੁਧਿਆਣਾ ਦੀ ਰਹਿਣ ਵਾਲੀ 22 ਸਾਲਾ ਕਿਰਨਜੋਤ ਕੌਰ ਦੀ ਹਾਂਗਕਾਂਗ ਵਿੱਚ ਮੌਤ ਹੋ ਗਈ ਹੈ। ਕਿਰਨਜੋਤ ਉਥੇ ਮਾਲ 'ਚ ਕੰਮ ਕਰਦੀ ਸੀ। ਉਹ ਬਿਨਾਂ ਸੇਫਟੀ ਬੈਲਟ ਲਗਾਏ ਮਾਲ ਦੇ ਸ਼ੀਸ਼ੇ ਸਾਫ਼ ਕਰ ਰਹੀ ਸੀ ਕਿ ਅਚਾਨਕ ਉਹ ਆਪਣਾ ਸੰਤੁਲਨ ਗੁਆ ਬੈਠਦੀ ਹੈ ਅਤੇ 22ਵੀਂ ਮੰਜ਼ਲਿ ਤੋਂ ਹੇਠਾਂ ਡਿੱਗ ਜਾਂਦੀ ਹੈ।

ਕੁੜੀ ਦੇ ਹੇਠਾਂ ਡਿੱਗਣ ਮਗਰੋਂ ਲੋਕਾਂ ਨੇ ਤੁਰੰਤ ਪੁਲਿਸ ਨੂੰ ਬੁਲਾ ਕੇ ਉਸ ਨੂੰ ਹਸਪਤਾਲ ਪਹੁੰਚਾਇਆ, ਪਰ ਕੁੜੀ ਦੀ ਰਸਤੇ 'ਚ ਹੀ ਮੌਤ ਹੋ ਗਈ। ਕਿਰਨਜੋਤ ਕੌਰ ਲੁਧਿਆਣਾ ਦੇ ਜਗਰਾਉਂ ਦੇ ਪਿੰਡ ਭੰਮੀਪੁਰਾ ਦੀ ਰਹਿਣ ਵਾਲੀ ਸੀ। ਮਾਲ ਪ੍ਰਬੰਧਕਾਂ ਨੇ ਫੋਨ ਕਰਕੇ ਕਿਰਨਜੋਤ ਦੀ ਮੌਤ ਦੀ ਸੂਚਨਾ ਪਰਿਵਾਰ ਨੂੰ ਦਿੱਤੀ ਅਤੇ ਇਹ ਖਬਰ ਸੁਣਨ ਤੋਂ ਬਾਅਦ ਪੂਰੇ ਪਿੰਡ 'ਚ ਸੋਗ ਦੀ ਲਹਿਰ ਹੈ। ਪਰਿਵਾਰਕ ਮੈਂਬਰਾਂ ਦਾ ਰੋ-ਰੋ ਕੇ ਬੁਰਾ ਹਾਲ ਹੈ। ਇਸ ਦੇ ਨਾਲ ਹੀ ਕਿਰਨਜੋਤ ਦੀ ਮ੍ਰਿਤਕ ਦੇਹ ਨੂੰ ਭਾਰਤ ਲਿਆਉਣ ਦੀ ਪਰਿਵਾਰ ਲਗਾਤਾਰ ਮੰਗ ਕਰ ਰਿਹਾ ਹੈ। ਪਰਿਵਾਰ ਵੱਲੋਂ ਪ੍ਰਸ਼ਾਸਨ ਤੋਂ ਮਦਦ ਕਰਨ ਦੀ ਅਪੀਲ ਕੀਤੀ ਗਈ ਹੈ, ਤਾਂ ਜੋ ਉਨ੍ਹਾਂ ਦੀ ਧੀ ਦੀ ਮ੍ਰਿਤਕ ਦੇਹ ਭਾਰਤ ਵਾਪਸ ਆ ਸਕੇ।

# ਸੰਗਤ ਜਾਣਨਾ ਚਾਹੁੰਦੀ ਹੈ ਕਿ ਗੁਰਬਾਣੀ ਪ੍ਰਸਾਰਣ ਲਈ ਸ਼੍ਰੋਮਣੀ ਕਮੇਟੀ ਕਦੋਂ ਆਪਣਾ ਚੈਨਲ ਲਾਂਚ ਕਰੇਗੀ : ਪ੍ਰੋ: ਸਰਚਾਂਦ ਸਿੰਘ ਖਿਆਲਾ

ਅੰਮ੍ਰਿਤਸਰ, 8 ਜਨਵਰੀ (ਪੋਸਟ ਬਿਊਰੋ): ਭਾਰਤੀ ਜਨਤਾ ਪਾਰਟੀ ਦੇ ਸਿੱਖ ਆਗੂ ਪ੍ਰੋ: ਸਰਚਾਂਦ ਸਿੰਘ ਖਿਆਲਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਆਪਣਾ ਚੈਨਲ ਲਾਂਚ ਕਰਨ ਸੰਬੰਧੀ ਜਾਰੀ ਆਦੇਸ਼ 'ਤੇ ਅਮਲ ਕਰਨ ਵਿਚ ਉਦਾਸੀਨਤਾ ਲਈ ਸ਼੍ਰੋਮਣੀ ਕਮੇਟੀ ਨੂੰ ਆੜੇ ਹੱਥੀਂ ਲਿਆ ਹੈ। ਉਨ੍ਹਾਂ ਕਿਹਾ ਕਿ ਗੁਰੂ ਕੀ ਗੋਲਕ ਬਾਰੇ ਕੀਤੀ ਗਈ ਗੈਰ ਜਿਮੇਵਾਰਾਨਾ ਟਿੱਪਣੀ ਸੰਬੰਧੀ ਮੁੱਖ ਮੰਤਰੀ ਨੂੰ ਘੇਰਨਾ ਇਕ ਚੰਗਾ ਕਦਮ ਹੈ, ਪਰ ਸ਼੍ਰੋਮਣੀ ਕਮੇਟੀ ਤੋਂ ਸੰਗਤਾਂ ਇਹ ਵੀ ਜਾਣਨਾ ਚਾਹੁੰਦੀਆਂ ਹਨ ਕਿ ਸੰਗਤਾਂ ਦੀ ਵੱਡੀ ਮੰਗ 'ਤੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਰੂਹਾਨੀਅਤ ਦੇ ਕੇਂਦਰ ਸੱਚਖੰਡ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਗੁਰਬਾਣੀ ਕੀਰਤਨ ਦੇ ਲਾਈਵ ਪ੍ਰਸਾਰਣ ਲਈ ਇਕ ਮਹੀਨੇ ਦੇ ਅੰਦਰ ਆਪਣਾ ਚੈਨਲ ਲਾਂਚ ਕਰਨ ਅਤੇ ਜਦੋਂ ਤਕ ਚੈਨਲ ਲਾਂਚ ਨਹੀਂ ਹੋ ਜਾਂਦਾ ਕਮੇਟੀ ਨੂੰ ਯੂ ਟਿਊਬ ਚੈਨਲ ਤੋਂ ਗੁਰਬਾਣੀ ਦਾ ਲਾਈਵ ਪ੍ਰਸਾਰਣ ਕਰਨ ਲਈ ਦਿੱਤੇ ਗਏ ਲਿਖਤੀ ਆਦੇਸ਼ ਨੂੰ 10 ਮਹੀਨੇ ਬੀਤ ਜਾਣ 'ਤੇ ਵੀ ਹੁਣ ਤਕ ਕਿਉਂ ਨਹੀਂ ਅਮਲ ਵਿਚ ਲਿਆਂਦਾ ਗਿਆ? ਉਨ੍ਹਾਂ ਕਿਹਾ ਕਿ ਇਹ ਬੜੀ ਹੈਰਾਨੀ ਦੀ ਗਲ ਹੈ ਕਿ ਜੋ ਵੀ ਇਸ ਕਾਰਜ ਲਈ ਅੱਗੇ ਆਉਂਦਾ ਹੈ, ਬਾਦਲਕੇ ਉਸ 'ਤੇ ਧਰਮ ਜ਼ਰੀਏ ਸਿਆਸਤ ਕਰਨ ਜਾਂ ਧਰਮ ਵਿਚ ਦਖਲਅੰਦਾਜ਼ੀ ਦਾ ਦੋਸ਼ ਮੜ੍ਹ ਦਿੰਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਤੋਂ ਗੁਰਬਾਣੀ ਪ੍ਰਸਾਰਣ ਲਈ ਆਪਣਾ ਰੇਡੀਓ ਸਟੇਸ਼ਨ ਸਥਾਪਿਤ ਕਰਨ ਦੀ ਮੰਗ ਸਿੱਖ ਕੌਮ ਦੀ ਇਕ ਚਿਰੋਕਣੀ ਮੰਗ ਹੈ। ਪ੍ਰੋ: ਸਰਚਾਂਦ ਸਿੰਘ ਨੇ ਸ਼੍ਰੋਮਣੀ ਕਮੇਟੀ ਨੂੰ ਯਾਦ ਕਰਾਉਂਦਿਆਂ ਕਿਹਾ ਕਿ ਸ੍ਰੀ

### ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਆਦੇਸ਼ ਨੂੰ 10 ਮਹੀਨੇ ਬਾਅਦ ਵੀ ਲਾਗੂ ਨਾ ਕਰਨ ਪਿੱਛੇ ਨਿੱਜੀ ਚੈਨਲ ਦੇ ਹਿੱਤਾਂ ਦੀ ਪੂਰਤੀ ਤਾਂ ਨਹੀਂ?

ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੇ ਕਥਿਤ ਤੌਰ 'ਤੇ ਇਕ ਸੈਕਸ-ਸਕੈਂਡਲ 'ਚ ਸ਼ਾਮਿਲ ਇਕ ਨਿੱਜੀ ਚੈਨਲ ਤੋਂ ਗੁਰਬਾਣੀ ਦਾ ਪ੍ਰਚਾਰ-ਪ੍ਰਸਾਰ ਬੰਦ ਕਰਨ ਬਾਰੇ ਸਿੱਖ ਸੰਗਤਾਂ ਨੂੰ ਭਰੋਸਾ ਦਿੱਤਾ ਸੀ। ਪਰ ਨਿਸ਼ਕਾਮ ਸੇਵਾ ਦੀ ਥਾਂ ਗੁਰਬਾਣੀ ਦੇ ਪ੍ਰਚਾਰ 'ਤੇ ਅੱਜ ਵੀ ਉਸੇ ਨਿੱਜੀ ਕੰਪਨੀ ਦਾ ਕਬਜ਼ਾ ਬਰਕਰਾਰ ਹੈ ਜੋ ਪੂਰਨ ਅਜਾਰੇਦਾਰੀ ਹੋਣ ਦਾ ਦਾਅਵਾ ਕੀਤਾ ਜਾਂਦਾ ਰਿਹਾ ਹੈ। ਅਤੇ ਹੋਰ ਪਲੇਟਫ਼ਾਰਮਾਂ ਨੂੰ ਗੁਰਬਾਣੀ ਦੇ ਪ੍ਰਸਾਰਣ ਤੋਂ ਰੋਕਿਆ ਜਾਂਦਾ ਰਿਹਾ ਹੈ ।ਇੱਥੋਂ ਤਕ ਕਿ ਗੁਰਬਾਣੀ ਪ੍ਰਵਾਹ ਨੂੰ ਆਪਣੀ 'ਬੌਧਿਕ ਜਗੀਰ' ਦੱਸਣ ਦੀ ਹਮਾਕਤ ਵੀ ਕੀਤੀ ਜਾਂਦੀ ਰਹੀ । ਜਿਸ ਨਾਲ ਉੱਠੇ ਵਿਵਾਦ ਦੇ ਚਲਦਿਆਂ ਸ਼੍ਰੋਮਣੀ ਕਮੇਟੀ ਦੇ ਬਜਟ ਇਜਲਾਸ ਦੌਰਾਨ ਕਈ ਮੈਂਬਰਾਂ ਨੇ ਗੁਰਬਾਣੀ ਪ੍ਰਸਾਰਨ ਲਈ ਸ਼੍ਰੋਮਣੀ ਕਮੇਟੀ ਨੂੰ ਆਪਣੇ ਚੈਨਲ ਨੂੰ ਲਾਂਚ ਕਰਨ ਦੀ ਗੱਲ ਵੀ ਆਖੀ ਗਈ ਸੀ। ਪ੍ਰੋ: ਸਰਚਾਂਦ ਸਿੰਘ ਨੇ ਕਿਹਾ ਕਿ ਕਈ ਧਾਰਮਿਕ ਸੰਸਥਾਵਾਂ ਵੱਲੋਂ ਆਪਣੇ ਧਾਰਮਿਕ ਚੈਨਲਾਂ ਨੂੰ ਸਫਲਤਾ ਪੂਰਵਕ ਚਲਾਉਣ ਦੇ ਅਨੇਕਾਂ ਪ੍ਰਮਾਣ ਮੌਜੂਦ ਹਨ। ਉਨ੍ਹਾਂ ਕਿਹਾ ਕਿ ਇਲਾਹੀ ਬਾਣੀ ਸਿੱਖ ਚੇਤਨਾ ਲਈ ਅਧਿਆਤਮਿਕ ਪ੍ਰੇਰਨਾ ਅਤੇ ਬੁਨਿਆਦੀ ਸ੍ਰੋਤ ਹੈ। 'ਧੁਰ ਕੀ ਬਾਣੀ' ਨੂੰ ਕਿਸੇ ਦਾ ਨਿੱਜੀ ਅਧਿਕਾਰ ਜਾਂ ਵਪਾਰਕ ਸਮਝੌਤੇ ਦੀਆਂ ਸ਼ਰਤਾਂ ਦਾ ਹਿੱਸਾ ਨਹੀਂ ਬਣਾਇਆ ਜਾਣਾ ਚਾਹੀਦਾ। ਉਨ੍ਹਾਂ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਤੋਂ ਪਵਿੱਤਰ ਗੁਰਬਾਣੀ ਨੂੰ ਨਵੀਆਂ ਪ੍ਰਸਾਰਣ ਤਕਨੀਕਾਂ ਰਾਹੀਂ ਪੂਰੀ ਦੁਨੀਆ ਤੱਕ ਪਹੁੰਚਾਉਣਾ ਸ਼੍ਰੋਮਣੀ ਕਮੇਟੀ ਦੀ ਜ਼ਿੰਮੇਵਾਰੀ ਅਤੇ ਫ਼ਰਜ਼ ਹੈ। ਸ਼੍ਰੋਮਣੀ ਕਮੇਟੀ ਇੱਕ ਖ਼ੁਦਮੁਖ਼ਤਿਆਰ ਸੰਸਥਾ ਹੈ ਅਤੇ ਉਹ ਆਪਣਾ ਚੈਨਲ ਚਲਾ ਸਕਦੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੇ ਚੈਨਲ ਸੰਬੰਧੀ ਆਦੇਸ਼ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਨੇ ਮਹਿਜ਼ ਇੱਕ ਸਬ ਕਮੇਟੀ ਬਣਾਉਣ ਤੋਂ ਬਿਨਾ ਕੋਈ ਅਗਲੀ ਕਾਰਵਾਈ ਕੀਤੀ ਹੋਵੇ ਕਿਸੇ ਨੂੰ ਕੋਈ ਗਿਆਤ ਨਹੀਂ। ਉਨ੍ਹਾਂ ਅਕਾਲ ਤਖ਼ਤ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਇਸ ਮਾਮਲੇ ਨੂੰ ਤੁਰੰਤ ਆਪਣੇ ਹੱਥ 'ਚ ਲੈਣ ਦੀ ਅਪੀਲ ਕੀਤੀ ਹੈ।

Urgently Need New Listings in Brampton/Caledon
visit: www.teamjagaujla.com
Call JAG AUJLA
MCNE, REAL ESTATE BROKER
DIR: 416-371-7777
j.aujla@rogers.com www.jagaujla.com
CALL JAG FOR A QUICK & FREE HOME EVALUATION
www.BramptonTopRealtor.com www.BramptonTopAgent.com
URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA

HOUSE FOR LEASE IN CALEDON
KENNEDY/ NEW HOUSE/ DOUGALL AVE.
- 2500-3000 sq feet ਦਾ Detached ਘਰ
- $3,700/month (4 ਬੈਡਰੂਮ + 1 ਡੇਨ+ 4 ਵਾਸ਼ਰੂਮ)
- ਮੇਨ ਫਲੋਰ ਤੇ 10 ਫੁੱਟ ਦੀ ਸੀਲੀਂਗ
- 2nd ਫਲੋਰ ਤੇ 9 ਫੁੱਟ ਦੀ ਸੀਲੀਂਗ
- ਪੂਰਾ ਘਰ $4700/month with unfurnished ਬੇਸਮੇਂਟ
- HWY 410, ਸਕੂਲ, ਬਸ ਸਟੋਪ ਅਤੇ ਪਲਾਜੇ ਦੇ ਨੇੜੇ
- 1ਸਾਲ ਦੀ Lease, Credit Report, Full Rental App.
- First & Last month + Key Deposit

LISTED IN BRAMPTON
MAYFIELD / MCLAUGHLIN
- Detached ਘਰ ਬਹੁਤ ਹੀ ਸੁੰਦਰ ਏਰੀਏ ਵਿੱਚ
- 3+1 ਬੈਂਡਰੂਮ + 4 ਵਾਸ਼ਰੂਮ
- 1 ਬੈਂਡਰੂਮ Legal Finished Basement with Seperate Entrance
- 9 ਫੁੱਟ ਦੀ ਸੀਲੀਂਗ
- ਸਟੈਂਡਰਡ ਓਕ ਸਟੈਅਰ ਕੇਸ
- ਮੇਨ ਕਮਰੇ ਵਿਚ ਸਟੇਨਡ ਹਾਰਡਵੁੱਡ
- ਗ੍ਰੇਨਾਈਟ ਕਾਊਂਟਰਟੌਂਪਸ ਨਾਲ ਅਪਗ੍ਰੇਡ ਕੀਤੀ ਕਿਚਨ
- ਮਾਸਟਰ ਬੈਂਡਰੂਮ ਵਿਚ 4 ਪੀਸੀ ਐਨਸੁਏਟ ਅਤੇ ਵਾਕ ਇਨ ਅਲਮਾਰੀ
- HWY 410, ਸਕੂਲ, ਬਸ ਸਟੋਪ ਅਤੇ ਪਲਾਜੇ ਦੇ ਨੇੜੇ

LISTED IN BRAMPTON
CASTLEMORE/ HUMBERWEST/AIRPORT
- 1500-2000 sq feet ਦਾ ਘਰ
- 3+1 ਬੈਂਡਰੂਮ + 4 ਵਾਸ਼ਰੂਮ + 2 ਕਿਚਨ with Legal Finished ਬੇਸਮੈਂਟ ਅਪਾਰਟਮੈਂਟ with Seperate Entrance
- ਬੇਸਮੈਂਟ $1300 ਦੇ ਕਰਿਾਏ' ਤੇ ਦਿਤੀ ਹੈ
- Extended ਡਰਾਈਵਵੇਅ
- ਮਾਸਟਰ ਬੈਂਡਰੂਮ ਵਿਚ 4 ਪੀਸੀ ਐਨਸੁਏਟ ਅਤੇ ਵਾਕ ਇਨ ਅਲਮਾਰੀ

FREE
- Full MLS Services
- Consistently Marketing Your Property Until SOLD
- Staging Consultation
- Billboard, Flyer, Newspaper
- Online Promotion
- Professional Pictures and Virtual Tour
- Social media & Radio Advertisement
- Open House Until Sold
- Competitive Rates, Exceptional Service & Award Winning Results

RE/MAX Realty Specialists Inc. Brokerage
Off: 905-456-3232
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022



REXDALE BODY SHOP
USED CAR SALE


Specialization In:
- All Kinds of Body Work
- Auto Glass Windshield
- Denting, Painting & Welding
SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com



Tri-City Professional Realty Inc., Brokerage
The Future of Real Estate
www.TriCityPro.com
Number 1. Tri-City agent in Canada on basis of sales volume 2021
ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 36 ਸਾਲਾ ਤਜਰਬੇ ਵਾਲੇ
ਅਵਤਾਰ ਸਿੰਘ ਟਿਵਾਣਾ
NEED MORE LISTINGS

- Free Evaluation of your Property
- Special Packages for First Time Buyer
- Arrangement of Low Mortgage rate Lawyer
- Arrangement of Home Inspection

Avtar Singh Tiwana
Sales Representative
Tel: 905.793.5777
416.802.5866
31 Melanie Dr. Unit #4 Brampton, ON L6T 5H8

SOLD $1,399,999
CASTLEMORE/GOREWAY

SOLD $1,749,900
8337 ਗਲਫ ਲਾਈਨ
401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜ਼ਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866

SOLD $1,950,000
26 Yellow RomeRd
ਕੈਸਲਮੋਰ/ਗੋਰਵੇ






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017